ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖੁਸ਼ੀਆਂ ਲਈ ਖੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 22 ਜਨਵਰੀ 2025
Email:- lokbani08@gmail.com



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa
87250 17772




R. N. I. Punpun/29016/2008 ⁎ ਸਾਲ 16 , ⁎ ਅੰਕ : 221, ⁎ ਮੁੱਲ : 6 ਰੁਪਏ ⁎ ਕੁੱਲ ਪੇਜ: 10 ⁎ ਦਫਤਰ : 0181–2211009 ⁎ M : 99155-94111



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa | 87250 17772


## ਡੋਨਲਡ ਟਰੰਪ ਨੇ 'ਬ੍ਰਿਕਸ' ਮੁਲਕਾਂ ਨੂੰ ਮੁੜ ਧਮਕਾਇਆ



ਵਾਸ਼ਿੰਗਟਨ, ਲੋਕ ਬਾਣੀ- ਰਾਸ਼ਟਰਪਤੀ ਡੋਨਲਡ ਟਰੰਪ ਨੇ ਭਾਰਤ ਦੀ ਸ਼ਮੂਲੀਅਤ ਵਾਲੇ ਦਸ ਮੁਲਕੀ ਸਮੂਹ 'ਬ੍ਰਿਕਸ' ਨੂੰ ਮੁੜ ਚੇਤਾਵਨੀ ਦਿੱਤੀ ਹੈ ਕਿ ਜੇ ਉਨ੍ਹਾਂ ਅਮਰੀਕੀ ਡਾਲਰ ਨੂੰ ਬਦਲਣ ਲਈ ਕੋਈ ਚਾਰਾਜੋਈ ਕੀਤੀ ਤਾਂ ਉਹ ਇਨ੍ਹਾਂ ਮੁਲਕਾਂ 'ਤੇ 100 ਫੀਸਦੀ ਟੈਕਸ ਲਗਾਉਣਗੇ। ਟਰੰਪ, ਜਿਨ੍ਹਾਂ ਸੋਮਵਾਰ ਨੂੰ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਹਲਫ਼ ਲਿਆ ਹੈ, ਨੇ ਕਿਹਾ, "ਜੇ ਬ੍ਰਿਕਸ ਮੁਲਕ ਅਜਿਹਾ ਕਰਨਾ ਚਾਹੁੰਦੇ ਹਨ, ਤਾਂ ਫਿਰ ਕੋਈ ਗੱਲ ਨਹੀਂ, ਪਰ ਅਸੀਂ ਉਨ੍ਹਾਂ ਵੱਲੋਂ ਅਮਰੀਕਾ ਨਾਲ ਕੀਤੇ ਜਾਂਦੇ ਕਾਰੋਬਾਰਾਂ 'ਤੇ ਘੱਟੋ ਘੱਟ 100 ਫੀਸਦ ਟੈਕਸ ਲਾਵਾਂਗੇ।"

## ਸ਼ੇਅਰ ਬਾਜ਼ਾਰ 1235 ਅੰਕ ਡਿੱਗ ਕੇ ਸੱਤ ਮਹੀਨਿਆਂ ਦੇ ਹੇਠਲੇ ਪੱਧਰ 'ਤੇ ਪੁੱਜਾ



ਮੁੰਬਈ, ਵਿਨੋਦ ਸ਼ਰਮਾ- ਡੋਨਲਡ ਟਰੰਪ ਵੱਲੋਂ ਅਮਰੀਕੀ ਰਾਸ਼ਟਰਪਤੀ ਵਜੋਂ ਸਹੁੰ ਚੁੱਕਦੇ ਹੀ ਗੁਆਂਢੀ ਮੁਲਕਾਂ ਨੂੰ ਵਧ ਟੈਕਸ ਲਾਉਣ ਦੇ ਕੀਤੇ ਐਲਾਨ ਮਗਰੋਂ ਬੰਬੇ ਸਟਾਕ ਐਕਸਚੇਂਜ ਦਾ 30 ਸ਼ੇਅਰਾਂ ਵਾਲਾ ਸੂਚਕ ਅੰਕ ਅੱਜ 1235.08 ਨੁਕਤਿਆਂ ਦੇ ਨੁਕਸਾਨ ਨਾਲ ਸੱਤ ਮਹੀਨਿਆਂ ਦੇ ਹੇਠਲੇ ਪੱਧਰ 'ਤੇ ਪੁੱਜ ਗਿਆ। ਸੈਂਸੈਕਸ ਦਿਨ ਦੇ ਕਾਰੋਬਾਰ ਦੌਰਾਨ ਇਕ ਵਾਰ 1431.57 ਨੁਕਤਿਆਂ ਦੇ ਨੁਕਸਾਨ ਨਾਲ 75,641.87 ਦੇ ਪੱਧਰ ਨੂੰ ਵੀ ਪੁੱਜਾ, ਪਰ ਫਿਰ 1.60 ਫੀਸਦ ਦੇ ਨੁਕਸਾਨ ਨਾਲ 75,838.36 ਉੱਤੇ ਬੰਦ ਹੋਇਆ। ਆਈਸੀਆਈਸੀਆਈ ਬੈਂਕ ਤੇ ਰਿਲਾਇੰਸ ਇੰਡਸਟਰੀਜ਼ ਦੇ ਸ਼ੇਅਰਾਂ ਨੂੰ ਵੱਡੀ ਮਾਰ ਪਈ। ਉਧਰ ਐੱਨਐੱਸਈ ਦਾ ਨਿਫਟੀ 367.9 ਨੁਕਤੇ ਡਿੱਗ ਕੇ 22,976.85 ਦੇ ਪੱਧਰ 'ਤੇ ਬੰਦ ਹੋਇਆ।

## ਜੰਮੂ-ਕਸ਼ਮੀਰ: ਗੁਲਮਰਗ ਤੇ ਸੋਨਮਰਗ ਵਿੱਚ ਬਰਫਬਾਰੀ



ਸ੍ਰੀਨਗਰ, ਲੋਕ ਬਾਣੀ-ਜੰਮੂ ਕਸ਼ਮੀਰ ਦੇ ਗੁਲਮਰਗ ਅਤੇ ਸੋਨਮਰਗ ਵਿਚ ਅੱਜ ਬਰਫ਼ਬਾਰੀ ਹੋਈ। ਇਸ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਦੀਆਂ ਕਈ ਉਚੀਆਂ ਥਾਵਾਂ 'ਤੇ 22 ਤੇ 23 ਜਨਵਰੀ ਨੂੰ ਮੀਂਹ ਤੇ ਬਰਫਬਾਰੀ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਮੌਸਮ ਵਿਭਾਗ ਨੇ ਕਿਹਾ ਹੈ ਕਿ ਹਿਮਾਚਲ ਵਿਚ ਇਸ ਬਰਫਬਾਰੀ ਨਾਲ ਠੰਢ ਹੋਰ ਵਧੇਗੀ।ਮੌਸਮ ਵਿਭਾਗ ਨੇ ਸੈਲਾਨੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਹਿਮਾਚਲ ਪ੍ਰਦੇਸ਼ ਦੇ ਮੌਸਮ ਵਿਭਾਗ ਦੀ ਜਾਣਕਾਰੀ ਲੈਣ ਤੋਂ ਬਾਅਦ ਹੀ ਉਚੇ ਖੇਤਰਾਂ ਵੱਲ ਜਾਣ। ਮੌਸਮ ਵਿਭਾਗ ਨੇ ਕਿਹਾ ਹੈ ਕਿ ਹਿਮਾਚਲ ਪ੍ਰਦੇਸ਼ 'ਚ ਬੁੱਧਵਾਰ-ਵੀਰਵਾਰ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਂ ਬਰਫਬਾਰੀ ਦੀ ਸੰਭਾਵਨਾ ਹੈ ਜਦਕਿ ਇਸ ਤੋਂ ਬਾਅਦ 27 ਜਨਵਰੀ ਤੱਕ ਮੌਸਮ ਖੁਸ਼ਕ ਰਹੇਗਾ।

## ਮਹਾਕੁੰਭ 'ਚ ਸਿਲੰਡਰ ਧਮਾਕਿਆਂ ਦੀ ਜ਼ਿੰਮੇਵਾਰੀ ਖਾਲਿਸਤਾਨ ਜ਼ਿੰਦਾਬਾਦ ਫੋਰਸ ਨੇ ਲਈ



ਨਵੀਂ ਦਿੱਲੀ, ਲੋਕ ਬਾਣੀ-ਪ੍ਰਯਾਗਰਾਜ ਮਹਾਕੁੰਭ ਮੇਲੇ ਦੌਰਾਨ ਦੋ ਸਿਲੰਡਰ ਧਮਾਕਿਆਂ ਦੀ ਘਟਨਾ ਦੀ ਜ਼ਿੰਮੇਵਾਰੀ ਖਾਲਿਸਤਾਨ ਜ਼ਿੰਦਾਬਾਦ ਫੋਰਸ (ਕੇਜ਼ੈੱਡਐਫ) ਨੇ ਲੈ ਲਈ ਹੈ। ਇਸ ਸਬੰਧੀ ਕੇਜ਼ੈੱਡਐਫ ਨੇ ਕਈ ਮੀਡੀਆ ਸੰਸਥਾਵਾਂ ਨੂੰ ਈਮੇਲ ਵੀ ਭੇਜੀ ਹੈ। ਇਸ ਵਿਚ ਇਸ ਘਟਨਾ ਲਈ ਪੀਲੀਭੀਤ ਦੇ ਪੁਲੀਸ ਮੁਕਾਬਲੇ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅਜਿਹਾ ਕਰ ਕੇ ਪੀਲੀਭੀਤ ਝੂਠੇ ਮੁਕਾਬਲੇ ਦਾ ਬਦਲਾ ਲਿਆ ਗਿਆ ਹੈ। ਇਸ ਦੇ ਨਾਲ ਹੀ ਕਿਹਾ ਗਿਆ ਹੈ ਕਿ ਇਹ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਲਈ ਸਿਰਫ ਅਲਰਟ ਹੈ ਤੇ ਸ਼ੁਰੂਆਤ ਹੈ।

## 100 ਟਰਾਲੀਆਂ ਦਾ ਜਥਾ ਸ਼ੰਭੂ ਬਾਰਡਰ ਰਵਾਨਾ




ਢਿੱਲਵਾਂ ਲੋਕ ਬਾਣੀ - ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀਆਂ 100 ਟਰਾਲੀਆਂ ਦਾ ਜਥਾ ਦੁਆਬਾ ਪ੍ਰਧਾਨ ਬਾਈ ਨਛੱਤਰ ਸਿੰਘ ਦੀ ਅਗਵਾਈ ਵਿਚ ਸ਼ੰਭੂ ਬਾਰਡਰ ਲਈ ਰਵਾਨਾ ਹੋਇਆ। ਇਸ ਮੌਕੇ ਕਿਸਾਨ ਮਜ਼ਦੂਰ ਯੂਨੀਅਨ ਗੜ੍ਹਦੀਵਾਲਾ ਤੋਂ ਮੀਤ ਪ੍ਰਧਾਨ ਕੁਲਜੀਤ ਸਿੰਘ ਵੱਡਾ ਜਥਾ ਲੈ ਕੇ ਸ਼ਾਮਿਲ ਹੋਏ। ਜ਼ਿਲ੍ਹਾ ਜਲੰਧਰ ਤੋਂ ਯੂਥ ਪ੍ਰਧਾਨ ਗੁਰਬਹਾਰ ਸਿੰਘ, ਹੁਸ਼ਿਆਰਪੁਰ ਤੋਂ ਜ਼ਿਲ੍ਹਾ ਪ੍ਰਧਾਨ ਹਰਵਿੰਦਰਜੀਤ ਸਿੰਘ ਸੋਨੂ ਵੱਡਾ ਜਥਾ ਲੈ ਕੇ ਸ਼ਾਮਿਲ ਹੋਏ।

## ਚਾਈਨਾ ਡੋਰ ਨਾਲ ਬੱਚੇ ਦਾ ਹੱਥ ਕੱਟਿਆ



ਕਪੂਰਥਲਾ ਲੋਕ ਬਾਣੀ-ਨਵਾਂ ਪਿੰਡ ਭੱਠੇ ਵਿਖੇ ਇਕ ਬੱਚੇ ਦਾ ਚਾਈਨਾ ਡੋਰ ਨਾਲ ਹੱਥ ਕੱਟਿਆ ਗਿਆ, ਜਿਸ ਨੂੰ ਸਿਵਲ ਹਸਪਤਾਲ ਕਪੂਰਥਲਾ ਵਿਖੇ ਦਾਖਲ ਕਰਵਾਇਆ ਗਿਆ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਅਗਮ (10) ਪੁੱਤਰ ਸੁਰਿੰਦਰ ਵਾਸੀ ਨਵਾਂ ਪਿੰਡ ਭੱਠੇ ਜੋ ਕਿ ਸਕੂਲ ਤੋਂ ਆ ਕੇ ਕੋਠੇ ਤੇ ਖੜ੍ਹਾ ਸੀ ਤੇ ਪਿੱਛੋਂ ਇਕ ਪਤੰਗ ਉੱਡ ਕੇ ਆ ਰਿਹਾ ਸੀ ਅਤੇ ਬੱਚੇ ਨੇ ਪਤੰਗ ਦੀ ਡੋਰ ਫੜ ਲਈ, ਜਿਸ ਕਾਰਨ ਉਸ ਦਾ ਹੱਥ ਕੱਟਿਆ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ, ਜਿਥੇ ਡਿਊਟੀ ਡਾਕਟਰ ਤਨੁਜ ਵਲੋਂ ਉਸਦਾ ਇਲਾਜ ਜਾਰੀ ਹੈ।

## ਅਦਾਕਾਰ ਸੈਫ ਅਲੀ ਖ਼ਾਨ ਨੂੰ ਲੀਲਾਵਤੀ ਹਸਪਤਾਲ 'ਚੋਂ ਛੁੱਟੀ ਮਿਲੀ



ਮੁੰਬਈ, ਲੋਕ ਬਾਣੀ -ਅਦਾਕਾਰ ਸੈਫ਼ ਅਲੀ ਖ਼ਾਨ ਨੂੰ ਅੱਜ ਪੰਜ ਦਿਨਾਂ ਮਗਰੋਂ ਲੀਲਾਵਤੀ ਹਸਪਤਾਲ 'ਚੋਂ ਛੁੱਟੀ ਮਿਲ ਗਈ ਹੈ। ਸੈਫ਼ 16 ਜਨਵਰੀ ਨੂੰ ਵੱਡੇ ਤੜਕੇ ਬਾਂਦਰਾ ਵਿਚਲੇ ਆਪਣੇ ਅਪਾਰਟਮੈਂਟ ਵਿਚ ਇਕ ਸ਼ਖ਼ਸ ਵੱਲੋਂ ਚਾਕੂ ਨਾਲ ਕੀਤੇ ਹਮਲੇ ਵਿਚ ਜ਼ਖ਼ਮੀ ਹੋ ਗਿਆ ਸੀ।ਚਾਕੂ ਦੇ ਵਾਰ ਇੰਨੇ ਡੂੰਘੇ ਸੀ ਕਿ ਡਾਕਟਰਾਂ ਨੂੰ ਅਦਾਕਾਰ ਦੀ ਐਮਰਜੈਂਸੀ ਸਰਜਰੀ ਕਰਨੀ ਪਈ। ਡਾਕਟਰਾਂ ਨੇ ਸੈਫ਼ ਨੂੰ 17 ਜਨਵਰੀ ਨੂੰ ਆਈਸੀਯੂ 'ਚੋਂ ਸਪੈਸ਼ਲ ਰੂਮ ਵਿਚ ਤਬਦੀਲ ਕਰ ਦਿੱਤਾ ਸੀ। ਪੁਲੀਸ ਨੇ ਇਸ ਮਾਮਲੇ ਵਿਚ ਬੰਗਲਾਦੇਸ਼ੀ ਨਾਗਰਿਕ ਸ਼ਰੀਫ਼ੁਲ ਇਸਲਾਮ ਸ਼ਹਿਜ਼ਾਦ ਮੁਹੰਮਦ ਰੋਹੀਲਾ ਅਮੀਨ ਫ਼ਕੀਰ (30) ਨੂੰ ਨਾਲ ਲੱਗਦੇ ਠਾਣੇ ਸ਼ਹਿਰ ਤੋਂ ਗ੍ਰਿਫ਼ਤਾਰ ਕੀਤਾ ਹੈ।

## ਹੋਟਲ ਚ ਅੱ.ਗ ਲੱਗਣ ਨਾਲ 66 ਲੋਕਾਂ ਦੀ ਮੌ.ਤ, 51 ਜ਼ਖਮੀ




ਤੁਰਕੀ, ਲੋਕ ਬਾਣੀ- -ਸਕੀ ਰਿਜ਼ੋਰਟ ਵਿਚ ਅੱਗ ਲੱਗਣ ਨਾਲ ਘੱਟੋ-ਘੱਟ 66 ਲੋਕਾਂ ਦੀ ਮੌਤ ਹੋ ਗਈ ਤੇ 51 ਜ਼ਖਮੀ ਹੋ ਗਏ। ਉੱਤਰ-ਪੱਛਮੀ ਤੁਰਕੀ ਵਿਚ ਇਕ ਰਿਜ਼ੋਰਟ ਵਿਚ ਅੱਗ ਲੱਗਣ ਕਾਰਨ ਇਹ ਭਾਣਾ ਵਾਪਰਿਆ। ਗ੍ਰਹਿ ਮੰਤਰੀ ਅਲੀ ਯੇਰਲੀਕਾਇਆ ਨੇ ਇਸ ਬਾਰੇ ਦੱਸਿਆ। ਸਿਹਤ ਮੰਤਰੀ ਕੇਮਲ ਮੇਮੀਸੋਗਲੂ ਨੇ ਦੱਸਿਆ ਕਿ ਜ਼ਖਮੀਆਂ ਵਿਚੋਂ ਘੱਟੋ-ਘੱਟ ਇਕ ਦੀ ਹਾਲਤ ਗੰਭੀਰ ਹੈ। ਅਧਿਕਾਰੀਆਂ ਅਨੁਸਾਰ ਅੱਗ 11 ਮੰਜ਼ਿਲਾ ਗ੍ਰੈਂਡ ਕਾਰਟਲ ਹੋਟਲ ਦੇ ਰੈਸਟੋਰੈਂਟ ਦੇ ਫਰਸ਼ ਤੇ ਲੱਗੀ। ਅਧਿਕਾਰੀਆਂ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।







ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਨੈਸ਼ਨਲ ਪੱਧਰੀ ਜੇਤੂ ਖਿਡਾਰੀਆਂ ਦਾ ਸਨਮਾਨ



ਧੂਰੀ (ਲੋਕ ਬਾਣੀ ) ਅੱਜ ਸਰਕਾਰੀ ਹਾਈ ਸਕੂਲ ਕੁੰਭੜਵਾਲ (ਸੰਗਰੂਰ) ਵਿਖੇ ਨੈਸ਼ਨਲ ਪੱਧਰੀ ਖਿਡਾਰੀਆਂ ਅਤੇ ਟੀਮ ਕੋਚ ਸ. ਅਮਰੀਕ ਸਿੰਘ, ਡੀ.ਪੀ.ਈ. ਨੂੰ ਸਕੂਲ ਮੁਖੀ ਸ. ਗੁਰਿੰਦਰ ਸਿੰਘ ਅਤੇ ਸਮੂਹ ਸਟਾਫ ਦੁਆਰਾ ਸਨਮਾਨਿਤ ਕੀਤਾ ਗਿਆ। ਇੱਥੇ ਜਿਕਰਯੋਗ ਹੈ, ਕਿ ਇਸ ਸੰਸਥਾ ਦੀ ਖਿਡਾਰਨ ਕਮਲਦੀਪ ਕੌਰ ਪੁੱਤਰ ਕੁਲਦੀਪ ਸਿੰਘ ਨੇ 68ਵੀਆਂ ਨੈਸ਼ਨਲ ਖੋ-ਖੋ ਸਕੂਲ ਖੇਡਾਂ ਅੰਡਰ-14ਸਾਲ ਜੋ ਕਿ ਮਹਾਂਰਾਸਟਰ ਦੇ ਸ਼ਹਿਰ ਕੋਹਲਾਪੁਰ ਵਿਖੇ ਹੋਈਆਂ। ਉਸ ਵਿੱਚ ਹਰਿਆਣੇ ਨੂੰ ਹਰਾਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਸੰਸਥਾ ਦਾ ਦਸਵੀਂ ਕਲਾਸ ਦਾ ਵਿਦਿਆਰਥੀ ਗੌਤਮ ਪੁੱਤਰ ਗੁਰਦੀਪ ਸਿੰਘ ਨੇ ਨੈਸ਼ਨਲ ਪੱਧਰੀ ਸਕੂਲ ਖੇਡਾਂ ਖੋ-ਖੋ ਅੰਡਰ-17ਸਾਲ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ ਅਤੇ ਇਸ ਵਿਦਿਆਰਥੀ ਦੀ ਚੋਣ ਖੇਲੋ ਇੰਡੀਆਂ ਯੂਥ ਗੇਮ ਲਈ ਕੁਆਲੀਫਾਈ ਕੀਤਾ ਗਿਆ। ਇਸ ਤਰ੍ਹਾ ਦਵਿੰਦਰ ਸਿੰਘ ਪੁੱਤਰ ਸੁਖਵਿੰਦਰ ਸਿੰਘ ਨੇ ਨੈਸ਼ਨਲ ਪੱਧਰੀ ਸਕੂਲ ਖੇਡਾਂ ਖੋ-ਖੋ ਅੰਡਰ-14ਸਾਲ ਵਿੱਚ ਭਾਗ ਲਿਆ। ਸਕੂਲ ਪਹੁੰਚਣ ਤੇ ਸਮੂਹ ਗ੍ਰਾਮ ਪੰਚਾਇਤ ਕੁੰਭੜਵਾਲ ਵੱਲੋਂ ਜੇਤੂ ਵਿਦਿਆਰਥੀਆਂ ਅਤੇ ਟੀਮ ਕੋਚ ਸ. ਅਮਰੀਕ ਸਿੰਘ, ਡੀ.ਪੀ.ਈ. ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ। ਸਮੂਹ ਸਟਾਫ ਸਰਕਾਰੀ ਹਾਈ ਸਕੂਲ ਕੁੰਭੜਵਾਲ (ਸੰਗਰੂਰ) ਵੱਲੋਂ ਜੇਤੂ ਖਿਡਾਰੀਆਂ ਨੂੰ ਟਰੈਕ ਸੂਟਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਕਾਰੀ ਹਾਈ ਸਕੂਲ ਕੁੰਭੜਵਾਲ (ਸੰਗਰੂਰ) ਵਿਖੇ ਬੀ.ਐਨ.ਓ. ਸ਼ੇਰਪੁਰ ਸ. ਗੁਰਿੰਦਰ ਸਿੰਘ ਵੱਲੋਂ ਸਮੂਹ ਗ੍ਰਾਮ ਪੰਚਾਇਤ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੀ ਹਾਜ਼ਰੀ ਵਿੱਚ ਦਾਖ਼ਲਾ ਮਹਿੰਮ ਦਾ ਆਗਾਜ਼ ਕੀਤਾ ਗਿਆ। ਸਕੂਲ ਮੁਖੀ ਸ. ਗੁਰਿੰਦਰ ਸਿੰਘ ਵੱਲੋਂ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਹੋਰ ਉੱਚੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਤ ਕੀਤਾ ਗਿਆ। ਇਸ ਮੌਕੇ ਗ੍ਰਾਮ ਪੰਚਾਇਤ ਗੁਰਸੇਵਕ ਸਿੰਘ, ਕੁਲਦੀਪ ਸਿੰਘ, ਗੁਰਤੇਜ ਸਿੰਘ, ਮਨਦੀਪ ਸਿੰਘ, ਕਰਨਜੀਤ ਕੌਰ, ਐਸ.ਐਮ.ਸੀ. ਕਮੇਟੀ ਸ੍ਰੀਮਤੀ ਹਰਪ੍ਰੀਤ ਕੌਰ, ਸ੍ਰੀਮਤੀ ਨਰਿੰਦਰ ਕੌਰ, ਗੁਰਪ੍ਰੀਤ ਕੌਰ ਅਤੇ ਸਰਕਾਰੀ ਹਾਈ ਸਕੂਲ ਦਾ ਸਟਾਫ ਹੈੱਡ ਮਾਸਟਰ ਸ੍ਰੀ ਗੁਰਿੰਦਰ ਸਿੰਘ, ਸ੍ਰੀ ਸੁਖਵਿੰਦਰ ਸਿੰਘ ਹਿੰਦੀ ਮਾਸਟਰ, ਸ੍ਰੀਮਤੀ ਗੁਰਜੀਤ ਕੌਰ ਪੰਜਾਬੀ ਮਿਸਟ੍ਰੈਸ, ਸ੍ਰੀ ਰਾਜ ਕੁਮਾਰ ਸਾਇੰਸ ਮਾਸਟਰ, ਸ੍ਰੀਮਤੀ ਦੀਪਿਕਾ ਗੁਪਤਾ ਮੈਥ ਮਿਸਟ੍ਰੈਸ, ਸ੍ਰੀ ਕਰਮਜੀਤ ਸਿੰਘ ਅੰਗਰੇਜ਼ੀ ਮਾਸਟਰ, ਸ੍ਰੀ ਅਮਰੀਕ ਸਿੰਘ ਡੀ.ਪੀ.ਈ, ਸ੍ਰੀ ਨਿਰਭੈ ਸਿੰਘ ਕਲਰਕ, ਸ੍ਰੀ ਗੁਰਪ੍ਰੀਤ ਸਿੰਘ, ਸ੍ਰੀਮਤੀ ਬਲਵੀਰ ਕੌਰ, ਸ੍ਰੀਮਤੀ ਮਨਦੀਪ ਕੌਰ ਆਦਿ ਸ਼ਾਮਲ ਸਨ।

# ਇਨਸਾਫ਼ ਦੀ ਆਵਾਜ਼ ਦੇ ਆਗੂ ਮਹਿੰਦਰਪਾਲ ਸਿੰਘ ਦਾਨਗੜ੍ਹ ਨੇ ਪਰਲ ਪੀੜਤਾਂ ਨੂੰ ਦਿੱਲੀ ਪਹੁੰਚਣ ਦਾ ਦਿੱਤਾ ਸੱਦਾ



ਅੰਮ੍ਰਿਤਸਰ, 20 ਜਨਵਰੀ ( ) ਚਿੱਟ ਫੰਡ ਕੰਪਨੀ ਪਰਲ ਦੇ ਪੀੜਤ ਲੋਕਾਂ ਵੱਲੋਂ ਬਣਾਈ ਗਈ ਇਨਸਾਫ਼ ਦੀ ਆਵਾਜ਼ ਜਥੇਬੰਦੀ ਦੀ ਅੱਜ ਜ਼ਰੂਰੀ ਮੀਟਿੰਗ ਕੰਪਨੀ ਬਾਗ ਵਿਖੇ ਜਥੇਬੰਦੀ ਦੇ ਕੌਮੀ ਪ੍ਰਧਾਨ ਸ੍ਰ. ਮਹਿੰਦਰਪਾਲ ਸਿੰਘ ਦਾਨਗੜ੍ਹ ਦੀ ਅਗਵਾਈ ਵਿੱਚ ਹੋਈ, ਇਸ ਮੌਕੇ ਤੇ ਸੰਬੋਧਨ ਕਰਦਿਆਂ ਸ੍ਰ. ਦਾਨਗੜ੍ਹ ਨੇ ਪੰਜਾਬ ਦੇ ਸਮੂਹ ਪਰਲ ਪੀੜਤਾਂ ਨੂੰ 3 ਫਰਵਰੀ ਨੂੰ ਦਿੱਲੀ ਵਿਖੇ ਪਹੁੰਚਣ ਦਾ ਸੱਦਾ ਦਿੰਦਿਆਂ ਕਿਹਾ ਕਿ ਉਸ ਦਿਨ ਪਰਲ ਪੀੜਤਾਂ ਵੱਲੋਂ ਕੇਂਦਰੀ ਵਿੱਤ ਮੰਤਰਾਲੇ ਨੂੰ ਆਪਣੀਆਂ ਪੌਲਸੀਆਂ ਸੌਂਪੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ 10 ਸਾਲਾਂ ਤੋਂ ਪਰਲ ਪੀੜਤ ਆਪਣਾ ਪੈਸਾ ਲੈਣ ਲਈ ਦਰ ਦਰ ਦੀਆਂ ਠੋਕਰਾਂ ਖਾ ਰਹੇ ਹਨ, ਪਰ ਹੁਣ ਤੱਕ ਕਿਸੇ ਵੀ ਸਰਕਾਰ ਨੇ ਉਨ੍ਹਾਂ ਨੂੰ ਇਨਸਾਫ਼ ਨਹੀਂ ਦਿੱਤਾ, ਹੁਣ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸੰਸਦ ਭਵਨ ਵਿੱਚ ਇਹ ਬਿਆਨ ਦਿੱਤਾ ਹੈ ਕਿ ਪਰਲ ਕੰਪਨੀ ਦਾ ਪੈਸਾ ਤਾਂ ਸਰਕਾਰ ਦੇਣ ਲਈ ਤਿਆਰ ਹੈ, ਪਰ ਲੋਕ ਲੈਣ ਲਈ ਨਹੀਂ ਆ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਮਾਝਾ ਜੋਨ ਦੇ ਪ੍ਰਧਾਨ ਰਜਵੰਤ ਬਾਲਾ ਨੇ ਪੰਜਾਬ ਦੇ ਪੀੜਤ ਸਾਥੀਆਂ ਨੂੰ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਆਪਣੀਆਂ ਪੌਲਸੀਆਂ ਦੀਆਂ ਫੋਟੋ ਕਾਪੀਆਂ ਲੈ ਕੇ ਦਿੱਲੀ ਵਿਖੇ ਪਹੁੰਚਣ। ਇਸ ਅਵਸਰ ਤੇ ਤੇ ਪੰਜਾਬ ਦੇ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਜਥੇਬੰਦੀ ਦੇ ਵਿੱਤ ਸਕੱਤਰ ਸੁਖਵਿੰਦਰ ਸਿੰਘ ਬਟਾਲਾ, ਦਲਬੀਰ ਸਿੰਘ ਜੰਮੂ, ਬਲਵਿੰਦਰ ਸਿੰਘ ਧੌਲਾ, ਕੈਪਟਨ ਦਰਸ਼ਨ ਸਿੰਘ, ਸ਼ਿਵ ਕੁਮਾਰ ਆਦਿ ਆਗੂਆਂ ਨੇ ਵੀ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਇਕੱਤਰਤਾ ਵਿੱਚ ਰਮਨਦੀਪ ਕੌਰ, ਮਨਦੀਪ ਕੌਰ, ਦਸੰਦਾ ਸਿੰਘ, ਨੀਲਮ ਸੰਤੋਸ਼ ਕੁਮਾਰੀ,ਮਨਜੀਤ ਸਿੰਘ, ਰਣਜੀਤ ਕੁਮਾਰ, ਹਰਦੀਪ ਸਿੰਘ, ਸੰਤੋਸ਼ ਕੁਮਾਰੀ, ਦਲੀਪ ਸਿੰਘ ਅਜਨਾਲਾ, ਬਲਬੀਰ ਸਿੰਘ, ਕਸ਼ਮੀਰ ਸਿੰਘ, ਸ਼ਾਮ ਸਿੰਘ ਅਜਨਾਲਾ, ਬਲਵੰਤ ਰਾਏ, ਗੁਰਦੀਪ ਸਿੰਘ ਵੇਰਕਾ, ਬਿਸ਼ੰਬਰ ਨਾਥ, ਜਸਪਾਲ ਸਿੰਘ ਅਜਨਾਲਾ ਆਦਿ ਪੀੜਤ ਸਾਥੀ ਹਾਜਰ ਸਨ।

# ਏਡੀਜੀਪੀ ਟਰੈਫਿਕ ਪੰਜਾਬ ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ



ਅੰਮ੍ਰਿਤਸਰ (ਲੋਕ ਬਾਣੀ ) )ਸ੍ਰੀ ਏ.ਐਸ ਰਾਏ, ਆਈਪੀਐਸ, ਏਡੀਜੀਪੀ ਟਰੈਫਿਕ ਪੰਜਾਬ ਅਤੇ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਆਈਪੀਐਸ, ਕਮਿਸ਼ਨਰ ਪੁਲਿਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ । ਇਸ ਸਮੇਂ ਏਡੀਜੀਪੀ ਟਰੈਫਿਕ ਨੇ ਕਿਹਾ ਮਾਨਯੋਗ ਡੀਜੀਪੀ, ਪੰਜਾਬ ਦੀਆਂ ਹਦਾਇਤਾਂ ਤੇ ਅੰਮ੍ਰਿਤਸਰ ਸਿਟੀ ਵਿਜਿਟ ਕੀਤਾ ਹੈ, ਅੱਜ ਦਾ ਇਹ ਵਿਜਿਟ ਦਾ ਮੁੱਖ ਮੰਤਵ 26 ਜਨਵਰੀ, ਗਣਤੰਤਰ ਦਿਵਸ ਦੌਰਾਨ ਸੁਰੱਖਿਆ ਪ੍ਰਬੰਧਾਂ ਬਾਰੇ ਜਾਇਜਾ ਤੇ ਜਾਣਕਾਰੀ ਲੈਣ ਸਬੰਧੀ ਪੁਲਿਸ ਕਮਿਸ਼ਨਰ, ਅੰਮ੍ਰਿਤਸਰ ਸਮੇਤ ਅਫ਼ਸਰਾਂ ਨਾਲ ਬੈਠਕ ਕਰਕੇ ਸਿਕਿਉਰਿਟੀ ਅਰੇਂਜਮੈਂਟ ਬਾਰੇ ਡਿਸਕਸ ਕੀਤਾ ਅਤੇ ਡਿਸਕਸ਼ਨ ਤੋਂ ਬਾਅਦ ਗਰਾਊਂਡ ਤੇ ਜਾ ਕੇ ਪੁਲਿਸ ਸਟੇਸ਼ਨ ਛੇਹਰਟਾ ਤੇ ਇਸਲਾਮਾਬਾਦ ਜਾ ਕੇ ਥਾਨਿਆਂ ਦੇ ਵਿੱਚ ਕੈਮਰੇ ਦਾ ਸਿਸਟਮ, ਥਾਣਿਆਂ ਦੇ ਸਕਸੈਸ ਕੰਟਰੋਲ ਦਾ ਸਿਸਟਮ ਚੈੱਕ ਕੀਤਾ ਗਿਆ। ਇਹ ਚੈੱਕ ਕਰਨ ਤੋਂ ਬਾਅਦ ਗਾਂਧੀ ਗਰਾਊਂਡ ਚ ਸਿਕਿਉਰਟੀ ਅਰੇਂਜਮੈਂਟ ਦੇਖੇ । ਉਹਨਾਂ ਕਿਹਾ ਕਿ ਅੰਮ੍ਰਿਤਸਰ ਸਿਟੀ ਪੁਲਿਸ ਵੱਲੋਂ ਜੋ ਨਾਈਟ ਡੋਮੀਨੇਸ਼ਨ ਆਪਰੇਸ਼ਨ ਚਲਾਏ ਜਾ ਰਹੇ ਨੇ ਉਹਨਾਂ ਬਾਰੇ ਜਾਣਕਾਰੀ ਹਾਸਿਲ ਕੀਤੀ, ਇਹਨਾਂ ਨਾਈਟ ਡੋਮੀਨੇਸ਼ਨਾਂ ਨੂੰ ਕਮਿਸ਼ਨਰ ਪੁਲਿਸ ਅੰਮ੍ਰਿਤਸਰ, ਆਪ ਲੀਡ ਕਰਦੇ ਨੇ ਡੀਸੀਪੀ , ਏਡੀਸੀਪੀ ਏਸੀਪੀ ਤੇ ਪੁਲਿਸ ਫੋਰਸ ਵੱਲੋਂ ਬੜੀ ਤਨਦੇਹੀ ਨਾਲ ਡਿਊਟੀ ਕੀਤੀ ਜਾ ਰਹੀ ਹੈ। 26 ਜਨਵਰੀ ਗਣਤੰਤਰ ਦਿਵਸ ਲਈ ਆਪਾਂ ਪੂਰੀ ਤਿਆਰੀ ਰੱਖੀਏ । ਉਹਨਾਂ ਕਿਹਾ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਦਾ ਪਿਛਲੇ ਸਾਲ ਦਾ ਕਰਾਈਮ ਦੇਖਿਆ ਜਿਸ ਵਿੱਚ 128 ਕਿਲੋ ਹੈਰੋਇਨ ਦੀ ਬਰਾਮਦ ਕੀਤੀ ਗਈ ਹੈ ਜੋ ਕਿ ਬਹੁਤ ਵੱਡੀ ਉਪਲਬਧੀ ਹੈ। ਓਹਨਾ ਕਿਹਾ ਅਸੀਂ ਤਿਆਰ ਹਾਂ ਕੋਈ ਵੀ ਗਲਤ ਆਨਸਰ ਨੂੰ ਕੋਈ ਵੀ ਮਾੜਾ ਕੰਮ ਕਰਨ ਦੀ ਇੱਥੇ ਇਜਾਜ਼ਤ ਨਹੀਂ ਦਿੱਤੀ ਜਾਏਗ ਤੇ ਆਉਣ ਵਾਲਾ 26 ਜਨਵਰੀ ਦਾ ਦਿਹਾੜਾ ਖ਼ੁਸ਼ੀ ਨਾਲ ਮਨਾਇਆ ਜਾਏਗਾ। ਇਸ ਤੋਂ ਇਲਾਵਾ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋਂ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਦੀ ਚੱਪੇ ਚੱਪੇ ਦੀ ਚੈਕਿੰਗ ਕੀਤੀ ਗਈ।

# ਯੂਕਰੇਨ-ਰੂਸ ਜੰਗ ਚ 12 ਭਾਰਤੀਆਂ ਦੀ ਮੌਤ + 16 ਲਾਪਤਾ



ਨਵੀਂ ਦਿੱਲੀ- ਯੂਕਰੇਨ ਵਿੱਚ ਰੂਸ ਦੀ ਤਰਫੋਂ ਲੜ ਰਹੇ ਹੁਣ ਤੱਕ 12 ਭਾਰਤੀਆਂ ਦੀ ਮੌਤ ਹੋ ਚੁੱਕੀ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਚ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ, ਹੁਣ ਤੱਕ ਰੂਸੀ ਫੌਜ ਚ ਸ਼ਾਮਲ ਹੋਣ ਵਾਲੇ ਭਾਰਤੀ ਨਾਗਰਿਕਾਂ ਦੇ 126 ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਵਿੱਚੋਂ 96 ਲੋਕ ਭਾਰਤ ਪਰਤੇ ਹਨ। ਰੂਸ ਵਿੱਚ ਅਜੇ ਵੀ 18 ਭਾਰਤੀ ਨਾਗਰਿਕ ਫਸੇ ਹੋਏ ਹਨ, ਜਿਨ੍ਹਾਂ ਵਿੱਚੋਂ 16 ਬਾਰੇ ਕੋਈ ਜਾਣਕਾਰੀ ਨਹੀਂ ਹੈ। ਅਸੀਂ ਉਨ੍ਹਾਂ ਦੀ ਉਨ੍ਹਾਂ ਦੇ ਦੇਸ਼ ਵਾਪਸੀ ਲਈ ਕੰਮ ਕਰ ਰਹੇ ਹਾਂ।

ਦੱਸ ਦੇਈਏ ਕਿ 24 ਫਰਵਰੀ 2022 ਤੋਂ ਰੂਸ-ਯੂਕਰੇਨ ਯੁੱਧ ਚੱਲ ਰਿਹਾ ਹੈ। ਇਸ ਸਮੇਂ ਦੌਰਾਨ, ਰੂਸੀ ਫੌਜ ਤੇ ਬਹੁਤ ਸਾਰੇ ਕਿਰਾਏਦਾਰਾਂ ਅਤੇ ਦੂਜੇ ਦੇਸ਼ਾਂ ਦੇ ਲੋਕਾਂ ਨੂੰ ਜ਼ਬਰਦਸਤੀ ਯੁੱਧ ਵਿੱਚ ਭੇਜਣ ਦਾ ਦੋਸ਼ ਸੀ। ਇਨ੍ਹਾਂ ਵਿੱਚ ਕਈ ਭਾਰਤੀ ਵੀ ਸ਼ਾਮਲ ਸਨ, ਜੋ ਨੌਕਰੀ ਦੀ ਭਾਲ ਵਿੱਚ ਰੂਸ ਗਏ ਸੀ, ਪਰ ਉੱਥੇ ਹੀ ਫਸ ਗਏ ।

# ਨਸ਼ੇ ਦੇ ਖਾਤਮੇ ਲਈ ਪੰਚਾਂ ਸਰਪੰਚਾਂ ਨੂੰ ਨਾਲ ਲੈ ਕੇ ਲੋਕਾਂ ਨੂੰ ਕਰੋ ਜਾਗਰੂਕ- ਡਿਪਟੀ ਕਮਿਸ਼ਨਰ

ਅੰਮ੍ਰਿਤਸਰ , 21 ਜਨਵਰੀ 2024--(ਮਨਜੀਤ ਸਿੰਘ ਸੇਰਗਿਲ) ਅੱਜ ਡਿਪਟੀ ਕਮਿਸ਼ਨਰ ਸ੍ਰੀਮਤੀ ਸ਼ਾਕਸੀ ਸਾਹਨੀ ਦੀ ਅਗਵਾਈ ਹੇਠ ਅਤੇ ਪੁਲਿਸ ਕਮਿਸ਼ਨਰ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਨੈਸ਼ਨਲ ਕੋਆਰਡੀਨੇਸ਼ਨ ਸੈਂਟਰ ਫੌਰ ਡਰੱਗ ਲਾਅ ਇਨਫੋਰਸਮੈਂਟ ਫਰੇਮਵਰਕ ਨੂੰ ਲਾਗੂ ਕਰਨ ਅਤੇ ਜ਼ਿਲ੍ਹੇ ਵਿੱਚ ਨਸ਼ਿਆਂ ਤੇ ਨਿਯੰਤਰਣ ਵਧਾਉਣ ਲਈ ਮਹੱਤਵਪੂਰਨ ਮੀਟਿੰਗ ਹੋਈ। ਮੀਟਿੰਗ ਵਿੱਚ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਪੰਚਾਂ ਸਰਪੰਚਾਂ ਤੋਂ ਸਹਿਯੋਗ ਲੈਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਕਿਹਾ ਗਿਆ ਕਿ ਨਵੀਂਆਂ ਚੁਣੀਆਂ ਗਈਆਂ ਪੰਚਾਇਤਾਂ ਨੂੰ ਨਾਲ ਲੈ ਕੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ ਜਾਵੇ ਅਤੇ ਧਿਆਨ ਵਿੱਚ ਲਿਆਂਦਾ ਜਾਵੇ ਕਿ ਉਹ ਨਸ਼ਾ ਕਰ ਰਹੇ ਵਿਅਕਤੀਆਂ ਨੂੰ ਨਸ਼ਾ ਛੁਡਾਓ ਕੇਂਦਰਾਂ ਵਿੱਚ ਲੈ ਕੇ ਜਾਣ ਜਿਥੇ ਉਨ੍ਹਾਂ ਦਾ ਸਰਕਾਰ ਵੱਲੋਂ ਮੁਫ਼ਤ ਇਲਾਜ ਕੀਤਾ ਜਾਂਦਾ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਸ਼ਾਕਸ਼ੀ ਸਾਹਨੀ ਨੇ ਕਿਹਾ ਕਿ ਨਸ਼ਿਆਂ ਦੇ ਖ਼ਿਲਾਫ਼ ਲੜਾਈ ਵਿੱਚ ਕਾਨੂੰਨ-ਵਿਵਸਥਾ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਜ ਦੇ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨ ਨਸ਼ਾ ਵਪਾਰੀਆਂ ਖ਼ਿਲਾਫ਼ ਸਖਤ ਕਾਰਵਾਈ ਕਰਨ ਅਤੇ ਨਸ਼ਿਆਂ ਦੀ ਪਕੜ ਵਿੱਚ ਆਏ ਲੋਕਾਂ ਦੀ ਪੁਨਰਵਾਸ ਲਈ ਵਚਨਬੱਧ ਹੈ, ਪਰ ਇਸ ਲਈ ਪੁਲਿਸ ਦੇ ਨਾਲ ਨਾਲ ਲੋਕਾਂ ਦਾ ਸਹਿਯੋਗ ਵੀ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਜਿੰਨਾਂ ਵਿਲੇਜ ਡਿਫੈਂਸ ਕਮੇਟੀਆਂ ਵੱਲੋਂ ਵਧੀਆ ਕਾਰਗੁਜਾਰੀ ਕੀਤੀ ਗਈ ਹੈ ਉਨ੍ਹਾਂ ਪਿੰਡਾਂ ਵਿੱਚ ਹੋਰ ਸੁਵਿਧਾਵਾਂ ਦਿੱਤੀਆਂ ਜਾਣ ਅਤੇ ਉਨ੍ਹਾਂ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਏ ਜਾਣ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਨਵੀਂਆਂ ਚੁਣੀਆਂ ਗਈਆਂ ਪੰਚਾਇਤਾਂ ਨਾਲ ਮਿਲ ਕੇ ਪਿੰਡਾਂ ਵਿੱਚ ਨਸ਼ਿਆਂ ਦੀ ਜਾਗਰੂਕਤਾ ਪ੍ਰਤੀ ਸਮਾਗਮ ਕਰਵਾਉਣ ਅਤੇ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਦੱਸਣ। ਡਿਪਟੀ ਕਮਿਸ਼ਨਰ ਨੇ ਜਿਲ੍ਹਾ ਸਿਖਿਆ ਅਧਿਕਾਰੀ ਨੂੰ ਕਿਹਾ ਕਿ ਉਹ ਸਾਰੇ ਸਕੂਲਾਂ ਵਿੱਚ ਸਪੈਸ਼ਲ ਮੁਹਿੰਮ ਚਲਾਉਣ ਜਿਥੇ ਬੱਚਿਆਂ ਦੇ ਮਾਤਾ ਪਿਤਾ ਨਾਲ ਮਿਲ ਕੇ ਬੱਚਿਆਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਰਕਾਰੀ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨ ਲਈ ਤੁਰੰਤ ਪ੍ਰਾਜੈਕਟ ਰਿਪੋਰਟ ਬਣਾ ਕੇ ਦੇਣ ਤਾਂ ਜੋ ਉਥੇ ਸੀ:ਸੀ:ਟੀ:ਵੀ ਕੈਮਰੇ, ਇਸਤਰੀਆਂ ਲਈ ਵੱਖਰਾ ਕਮਰਾ ਅਤੇ ਹੋਰ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਦੱਸਿਆ ਕਿ ਇਸੇ ਵਿੱਤੀ ਸਾਲ ਦੌਰਾਨ 11 ਲੱਖ ਰੁਪਏ ਦੀ ਲਾਗਤ ਨਾਲ ਇਸ ਕੇਂਦਰ ਦਾ ਕਾਇਆਕਲਪ ਕੀਤਾ ਜਾਣਾ ਹੈ।




ਡਿਪਟੀ ਕਮਿਸ਼ਨਰ ਆਫ ਪੁਲਿਸ ਸ੍ਰ ਹਰਪ੍ਰੀਤ ਸਿੰਘ ਮੰਡੇਰ ਨੇ ਖੇਤਰ ਵਿੱਚ ਨਸ਼ਿਆਂ ਦੀ ਸਪਲਾਈ ਚੇਨ ਨੂੰ ਖਤਮ ਕਰਨ ਲਈ ਪੁਲਿਸ ਅਤੇ ਲੋਕਾਂ ਵਿਚਾਲੇ ਮਜਬੂਤ ਸਾਂਝ ਅਤੇ ਸਮੇਂ ਸਿਰ ਕਾਰਵਾਈ ਦੀ ਲੋੜ ਬਾਰੇ ਜ਼ੋਰ ਦਿੱਤਾ। ਸਾਰੇ ਅਧਿਕਾਰੀਆਂ ਨੇ ਅੰਮ੍ਰਿਤਸਰ ਨੂੰ ਨਸ਼ਾ-ਮੁਕਤ ਜ਼ਿਲ੍ਹਾ ਬਣਾਉਣ ਲਈ ਮਿਲਜੁਲ ਕੇ ਕੰਮ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਨੇ ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪਣੇ ਦਫਤਰਾਂ ਅਤੇ ਆਪਣੇ ਸਰਕਲ ਵਿੱਚੋਂ ਵੀ ਇਸ ਬਾਬਤ ਜੇਕਰ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਹ ਪੁਲਿਸ ਨਾਲ ਸਾਂਝੀ ਕਰਨ ਇਸ ਤੋਂ ਇਲਾਵਾ ਲੋਕਾਂ ਤੱਕ ਇਹ ਸੰਦੇਸ਼ ਜਰੂਰ ਜਾਣਾ ਚਾਹੀਦਾ ਹੈ ਕਿ ਨਸ਼ੇ ਸਿਹਤ ਲਈ ਬਹੁਤ ਘਾਤਕ ਹਨ ਅਤੇ ਇਸ ਖਿਲਾਫ ਲੜਾਈ ਵਿੱਚ ਉਸ ਦਾ ਸਾਥ ਦਿੱਤਾ ਜਾਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਲਗਾਤਾਰ ਨਸ਼ਾ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਨੂੰ ਵੀ ਜਬਤ ਕੀਤਾ ਜਾ ਰਿਹਾ ਹੈ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਨੇ ਅਧਿਕਾਰੀਆਂ ਨੂੰ ਕਿਹਾ ਕਿ ਆਉਣ ਵਾਲੇ ਮੌਸਮ ਵਿੱਚ ਭੰਗ ਬੂਟੀ ਬੜੀ ਤੇਜੀ ਪ੍ਰਸਾਰ ਕਰੇਗੀ ਇਸ ਲਈ ਖੇਤੀਬਾੜੀ ਅਧਿਕਾਰੀ ਦੇ ਨਾਲ ਨਾਲ ਜੰਗਲਾਤ ਵਿਭਾਗ ਦੇ ਅਧਿਕਾਰੀ ਇਸ ਬੂਟੀ ਨੂੰ ਤੁਰੰਤ ਨਸ਼ਟ ਕਰਨ। ਉਨ੍ਹਾਂ ਸਿਖਿਆ ਅਧਿਕਾਰੀਆਂ ਨੂੰ ਕਿਹਾ ਕਿ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿ ਸਕੂਲਾਂ ਦੇ ਖੇਡ ਮੈਦਾਨਾਂ ਵਿੱਚ ਇਹ ਬੂਟੀ ਪੈਦਾ ਨਾ ਹੋਵੇ ਅਤੇ ਤੁੰਰਤ ਹੀ ਇਸ ਬੂਟੀ ਨੂੰ ਖਤਮ ਕੀਤੇ ਜਾਣ ਦੇ ਪ੍ਰਬੰਧ ਕੀਤੇ ਜਾਣ।

ਇਸ ਮੌਕੇ ਬਾਰਡਰ ਸਿਕਿਉਰਟੀ ਫੋਰਸ ਦੇ ਅਧਿਕਾਰੀਆਂ ਨੇ ਸਰਹੱਦ ਉੱਤੇ ਪੇਸ਼ ਆਉਂਦੀਆਂ ਮੁਸ਼ਕਲਾਂ ਦਾ ਜ਼ਿਕਰ ਕਰਦੇ ਹੋਏ ਨਸ਼ਿਆਂ ਦੀ ਤਸਕਰੀ ਬਾਰੇ ਦੱਸਿਆ ਅਤੇ ਨਾਲ ਹੀ ਭਰੋਸਾ ਦਿੱਤਾ ਕਿ ਬੀਐਸਐਫ ਨਸ਼ਿਆਂ ਦੀ ਬਰਾਮਦਗੀ ਲਈ ਦਿਨ ਰਾਤ ਇੱਕ ਕੰਮ ਕਰ ਰਹੀ ਹੈ ਅਤੇ ਇਸਦੇ ਨਤੀਜੇ ਵੀ ਬਹੁਤ ਵਧੀਆ ਆ ਰਹੇ ਹਨ ।ਉਨ੍ਹਾਂ ਦੱਸਿਆ ਕਿ ਸਰਹੱਦੋਂ ਪਾਰ ਲਗਾਤਾਰ ਨਵੀਂ ਤਕਨੀਕ ਦੇ ਹਲਕੇ ਡਰੋਨ ਆ ਰਹੇ ਹਨ ਪ੍ਰੰਤੂ ਬੀ:ਐਸ:ਐਫ ਜਵਾਨਾਂ ਦੀ ਚੌਕਸੀ ਸਦਕਾ ਇਨ੍ਹਾਂ ਡਰੋਨਾਂ ਨੂੰ ਫੜਿਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਬੀ:ਐਸ:ਐਫ ਅਧਿਕਾਰੀਆਂ ਨੂੰ ਕਿਹਾ ਕਿ ਉਹ ਡਰੋਨਾਂ ਦੇ ਨਾਲ ਨਾਲ ਉਨ੍ਹਾਂ ਅਪਰਾਧੀਆਂ ਨੂੰ ਵੀ ਫੜਣ ਜੋ ਸਰਹੱਦੋਂ ਪਾਰ ਡਰੋਨਾ ਰਾਹੀਂ ਨਸ਼ਾ ਮੰਗਵਾ ਰਹੇ ਹਨ।

ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਸ੍ਰੀਮਤੀ ਗੁਰਸਿਮਰਨ ਕੌਰ, ਐਸ:ਡੀ:ਐਮ ਸ੍ਰ ਮਨਕੰਵਲ ਸਿੰਘ ਚਾਹਲ, ਐਸ:ਡੀ:ਐਮ ਬਾਬਾ ਬਕਾਲਾ ਸ੍ਰ ਅਮਨਦੀਪ ਸਿੰਘ, ਐਸ:ਡੀ:ਐਮ ਮਜੀਠਾ ਮੈਡਮ ਸੋਨਮ, ਡਿਪਟੀ ਮੈਡੀਕਲ ਕਮਿਸ਼ਨਰ ਡਾ: ਗੁਰਮੀਤ ਕੌਰ, ਡੀ:ਸੀ:ਪੀ ਸ੍ਰ ਜਗਜੀਤ ਸਿੰਘ ਵਾਲੀਆ, ਏ:ਡੀ:ਸੀ:ਪੀ ਸ੍ਰ ਨਵਜੋਤ ਸਿੰਘ, ਐਸ:ਪੀ ਹੈਡਕੁਆਟਰ ਸ੍ਰੀ ਜਗਦੀਸ਼ ਕੁਮਾਰ, ਏ:ਡੀ:ਸੀ:ਪੀ ਮੈਡਮ ਹਰਕੰਵਲ ਕੌਰ, ਡਿਪਟੀ ਕਮਾਂਡੈਂਟ ਬੀ:ਐਸ:ਐਫ ਸ੍ਰੀ ਨੀਰਜ ਕੁਮਾਰ, ਏ:ਡੀ:ਸੀ:ਪੀ-1 ਸ੍ਰ ਵਿਸ਼ਵਜੀਤ ਸਿੰਘ, ਸਨ ਫਾਉਂਡੇਸ਼ਨ ਵੱਲੋਂ ਮਿਸ ਬਲਜੀਤ ਕੌਰ ਜੌਹਲ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜਰ ਸਨ।

## ਪੰਜਾਬੀ ਫ਼ਨਕਾਰਾਂ ਨੇ ਦੋਵੇਂ ਪੰਜਾਬਾਂ ਦੀ ਸਾਂਝੀਵਾਲਤਾ ਦੇ ਗੀਤਾਂ ਨਾਲ ਬੰਨ੍ਹਿਆ ਰੰਗ

ਲਾਹੌਰ, (ਲੋਕ ਬਾਣੀ ) ਲਾਹੌਰ ਵਿਖੇ ਚੱਲ ਰਹੀ 34ਵੀਂ ਵਿਸ਼ਵ ਪੰਜਾਬੀ ਕਾਨਫਰੰਸ ਵਿੱਚ ਜਿੱਥੇ ਸੂਫੀਆਂ ਬਾਰੇ ਪੇਪਰ ਪੜ੍ਹੇ ਗਏ ਤੇ ਵਿਚਾਰਾਂ ਹੋਈਆਂ ਉੱਥੇ ਭੁਲੇਖਾ ਅਖ਼ਬਾਰ ਵੱਲੋਂ ਭਾਰਤ ਤੋਂ ਆਏ ਵਫ਼ਦ ਦੇ ਸਵਾਗਤ ਵਿੱਚ ਰੱਖੇ ਸਮਾਗਮ ਦੌਰਾਨ ਪੰਜਾਬੀ ਫ਼ਨਕਾਰਾਂ ਨੇ ਆਪਣੇ ਫ਼ਨ ਦਾ ਮੁਜ਼ਾਹਰਾ ਕਰਦਿਆਂ ਰੰਗ ਬੰਨ੍ਹਿਆ।

ਲਾਹੌਰ ਸਥਿਤ ਪੰਜਾਬ ਭਾਸ਼ਾ ਤੇ ਕਲਾ ਕੇਂਦਰ (ਪਲਾਕ) ਵਿਖੇ ਹੋਏ ਸਮਾਗਮ ਦੌਰਾਨ ਚੜ੍ਹਦੇ ਪੰਜਾਬ ਦੇ ਲੋਕ ਗਾਇਕ ਪੰਮੀ ਬਾਈ, ਸੁੱਖੀ ਬਰਾੜ ਤੇ ਸਤਨਾਮ ਪੰਜਾਬੀ ਅਤੇ ਲਹਿੰਦੇ ਪੰਜਾਬ ਤੋਂ ਆਰਿਫ ਲੋਹਾਰ ਤੇ ਇਮਰਾਨ ਸ਼ੌਕਤ ਅਲੀ ਨੇ ਆਪਣੀ ਦਮਦਾਰ ਅਵਾਜ਼ ਵਿੱਚ ਗੀਤਾਂ ਨਾਲ ਰੰਗ ਬੰਨ੍ਹ ਦਿੱਤਾ। ਪੰਮੀ ਬਾਈ ਤੇ ਆਰਿਫ ਲੋਹਾਰ ਦੀ ਜੁਗਲਬੰਦੀ ਕਮਾਲ ਦੀ ਸੀ। ਸਾਰੇ ਫਨਕਾਰਾਂ ਨੇ ਦੋਵੇਂ ਪੰਜਾਬ ਦੀ ਸਾਂਝੀਵਾਲਤਾ ਦੇ ਗੀਤ ਗਾਏ।ਬਾਬਾ ਨਜਮੀ ਨੇ ਇਕਬਾਲ ਪੰਜਾਬੀ ਦਾ ਅਤੇ ਇਲਿਹਾਸ ਘੁੰਮਣ ਨੇ ਆਪਣੀ ਜੋਸ਼ੀਲੀ ਤਕਰੀਰ ਨਾਲ ਪੰਜਾਬੀਅਤ ਦਾ ਹੋਕਾ ਦਿੰਦਿਆਂ ਰੌਂਗਟੇ ਖੜ੍ਹੇ। ਤ੍ਰੈਲੋਚਨ ਲੋਚੀ ਨੇ 'ਜ਼ਾਲਮ ਕਹਿਣ ਬਲਾਵਾਂ ਹੁੰਦੀਆਂ, ਕੁੜੀਆਂ ਤਾਂ ਕਵਿਤਾਵਾਂ ਹੁੰਦੀਆਂ' ਨਾਲ ਮਾਹੌਲ ਭਾਵੁਕ ਕੀਤਾ। ਲਹਿੰਦੇ ਪੰਜਾਬ ਤੋਂ ਵੀਰ ਸਿਪਾਹੀ ਨੇ ਆਪਣੇ ਨਿਵੇਕਲੇ ਅੰਦਾਜ਼ ਵਿੱਚ ਵਿਅੰਗਮਈ ਟੋਟਕੇ ਸੁਣਾ ਕੇ ਮਾਹੌਲ ਹਾਸਮਈ ਕੀਤਾ। ਕਸੂਰ ਦੀ ਖਤੀਜਾ ਨੇ ਮਕਬੂਲ ਲੋਕ ਗੀਤ ਸੁਣਾਏ।

ਇਸ ਮੌਕੇ ਸ਼ਾਇਰ ਹਰਵਿੰਦਰ ਦਾ ਗੀਤ 'ਬਿਨਾ ਵੇ ਲਾਹੌਰ ਦੇ ਪੰਜਾਬ ਕੀ ਪੰਜਾਬ ਏ' ਬਾਬਾ ਨਜਮੀ, ਦੀਪਕ ਮਨਮੋਹਨ ਸਿੰਘ, ਗੁਰਭਜਨ ਗਿੱਲ , ਸਹਿਜਪ੍ਰੀਤ ਸਿੰਘ ਮਾਂਗਟ ਵੱਲੋਂ ਰਿਲੀਜ਼ ਕੀਤਾ ਗਿਆ। ਇਹ ਗੀਤ ਲਹਿੰਦੇ ਪੰਜਾਬ ਦੇ ਮਸ਼ਹੂਰ ਸੂਫ਼ੀ ਗਾਇਕ ਅਸਲਮ ਬਾਹੂ ਵੱਲੋਂ ਗਾਇਆ ਗਿਆ ਹੈ।

ਕਾਨਫਰੰਸ ਦੌਰਾਨ ਸੀਨੀਅਰ ਪੱਤਰਕਾਰ ਸਤਨਾਮ ਮਾਣਕ ਦੀ ਪੁਸਤਕ 'ਬਾਤਾਂ ਵਾਹਿਓ ਪਾਰ ਦੀ' ਦਾ ਸ਼ਾਹਮੁਖੀ ਐਡੀਸ਼ਨ ਰਿਲੀਜ਼ ਕੀਤਾ ਗਿਆ। ਇਸ ਮੌਕੇ ਅਬਦੁਲ ਕਦੀਮ, ਡਾ ਕੁਦਸੀ, ਬੁਸ਼ਰਾ ਏਜਾਜ, ਬਾਬਾ ਨਜਮੀ, ਬਾਬਾ ਗੁਲਾਮ ਹੁਸੈਨ ਹੈਦਰ ਦੀਆਂ ਕਿਤਾਬਾਂ ਵੀ ਰਿਲੀਜ਼ ਕੀਤੀਆਂ।

ਭੁਲੇਖਾ ਅਖ਼ਬਾਰ ਦੇ ਮੁੱਖ ਸੰਪਾਦਕ ਮੁਦੱਸਰ ਇਕਬਾਲ ਬੱਟ ਵੱਲੋਂ ਸਾਰੇ ਭਾਰਤੀ ਵਫ਼ਦ ਦਾ ਧੰਨਵਾਦ ਕੀਤਾ।

## ਟੀ.ਬੀ. ਦੇ ਖਿਲਾਫ ਜਾਗਰੂਕਤਾ,ਪਿੰਡ ਵਜੀਦਕੇ ਕਲਾਂ ਵਿਖੇ ਪਹੁੰਚੀ ਮੈਡੀਕਲ ਮੋਬਾਇਲ ਵੈਨ

ਮਹਿਲ ਕਲਾਂ, (ਲੋਕ ਬਾਣੀ )
ਸਿਹਤ ਵਿਭਾਗ ਵੱਲੋਂ ਟੀ.ਬੀ. (ਤਪਦਿਕ) ਮਰੀਜ਼ਾਂ ਦੀ ਜਲਦੀ ਪਹਿਚਾਣ ਲਈ ਨੇਸ਼ਨਲ 100 ਡੇ ਟੀ.ਬੀ. ਮੁਹਿੰਮ ਚਲਾਈ ਜਾ ਰਹੀ ਹੈ। ਇਸ ਦੇ ਤਹਿਤ, ਸਿਵਲ ਸਰਜਨ ਬਰਨਾਲਾ ਡਾ. ਬਲਦੇਵ ਸਿੰਘ ਦੇ ਦਿਸ਼ਾ-ਨਿਰਦੇਸ਼ ਅਤੇ ਜ਼ਿਲਾ ਆਯੂਰਵੈਦਿਕ ਅਤੇ ਯੂਨਾਨੀ ਅਧਿਕਾਰੀ ਡਾ. ਅਮਨ ਕੌਸ਼ਲ ਦੀ ਅਗਵਾਈ ਹੇਠ ਮੈਡੀਕਲ ਮੋਬਾਇਲ ਵੈਨ ਪਿੰਡ ਵਜੀਦਕੇ ਕਲਾਂ ਵਿਖੇ ਪਹੁੰਚੀ।




ਇਸ ਮੋਬਾਇਲ ਵੈਨ ਦੇ ਜ਼ਰੀਏ ਟੀ.ਬੀ. ਦੇ ਸ਼ੱਕੀ ਮਰੀਜ਼ਾਂ ਦਾ ਐਕਸ-ਰੇ ਅਤੇ ਬਲਗਮ ਦੀ ਜਾਂਚ ਮੁਫ਼ਤ ਕੀਤੀ ਜਾ ਰਹੀ ਹੈ। ਡਾ. ਨਵਨੀਤ ਬਾਂਸਲ ਨੇ ਸਮੂਹ ਵਸਨੀਕਾਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਦੋ ਹਫ਼ਤਿਆਂ ਜਾਂ ਇਸ ਤੋਂ ਵੱਧ ਸਮੇਂ ਤੱਕ ਖਾਂਸੀ, ਭਾਰ ਘਟਣਾ, ਬੁਖਾਰ, ਜਾਂ ਭੁੱਖ ਘੱਟ ਲੱਗਣ ਦੇ ਲੱਛਣ ਪਾਈਂਦੇ ਹਨ, ਤਾਂ ਉਹਨਾਂ ਨੂੰ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਸਮੇਂ ਸਿਰ ਇਲਾਜ ਟੀ.ਬੀ. ਤੋਂ ਪੂਰੀ ਤਰ੍ਹਾਂ ਮੁਕਤੀ ਦਿਵਾ ਸਕਦਾ ਹੈ। ਉਪਵੈਦ ਅਜੇ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਡਾਟਸ ਪ੍ਰਣਾਲੀ ਰਾਹੀਂ ਟੀ.ਬੀ. ਦਾ ਇਲਾਜ ਬਿਲਕੁਲ ਮੁਫ਼ਤ ਉਪਲਬਧ ਕਰਵਾਇਆ ਜਾਂਦਾ ਹੈ। ਇਸ ਮੁਹਿੰਮ ਨਾਲ ਸਿੱਧੇ ਤੌਰ ਤੇ ਪਿੰਡ ਪੱਧਰ ਤੇ ਟੀ.ਬੀ. ਦੇ ਖਤਰੇ ਨੂੰ ਘਟਾਉਣ ਅਤੇ ਜਨਤਾ ਨੂੰ ਸਿਹਤਮੰਦ ਜੀਵਨ ਪ੍ਰਦਾਨ ਕਰਨ ਦਾ ਉਦੇਸ਼ ਹੈ। ਇਸ ਜਾਗਰੂਕਤਾ ਮੁਹਿੰਮ ਦੌਰਾਨ ਐਸ.ਟੀ.ਐਸ. ਜੋਤੀ ਸ਼ਰਮਾ, ਐਲ.ਐੱਚ.ਵੀ. ਬਲਵਿੰਦਰ ਕੌਰ, ਸੀ.ਐੱਚ.ਓ. ਸੋਨੀ, ਮੇਲ ਵਰਕਰ ਰੁਪਿੰਦਰ ਸਿੰਘ ਅਤੇ ਆਸ਼ਾ ਵਰਕਰਾਂ ਨੇ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਈ।

ਸਿਹਤ ਵਿਭਾਗ ਵੱਲੋਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਟੀ.ਬੀ. ਦੇ ਲੱਛਣਾਂ ਨੂੰ ਨਜ਼ਰਅੰਦਾਜ਼ ਨਾ ਕਰਨ ਅਤੇ ਨੇੜਲੇ ਸਰਕਾਰੀ ਹਸਪਤਾਲ ਜਾਂ ਮੋਬਾਇਲ ਵੈਨ ਰਾਹੀਂ ਮੁਫ਼ਤ ਜਾਂਚ ਅਤੇ ਇਲਾਜ ਲੈਣ ਲਈ ਤੁਰੰਤ ਪਹੁੰਚ ਕਰਨ।

# ਸ਼੍ਰੀ ਮਨਸਾ ਦੇਵੀ ਮੰਦਿਰ ਸਤਨਾਮਪੁਰਾ ਵਿਖੇ ਮਾਘੀ ਮਹੀਨੇ ਦੀ ਸਪਤਮੀ ਨੂੰ ਸਮਰਪਿਤ ਮਹਿਲਾ ਸੰਕੀਰਤਨ ਕਰਵਾਇਆ ਗਿਆ



ਫਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਦੇ ਪ੍ਰਸਿੱਧ ਸ਼ਕਤੀਪੀਠ ਮਾਤਾ ਸ਼੍ਰੀ ਮਨਸਾ ਦੇਵੀ ਜਵਾਲਾ ਜੀ ਮੰਦਿਰ ਵਿਖੇ ਮਾਘ ਮਹੀਨੇ ਦੀ ਸਪਤਮੀ ਦੇ ਮੌਕੇ ਤੇ ਮੰਗਲਵਾਰ ਨੂੰ ਸੰਕੀਰਤਨ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮਨਸਾ ਦੇਵੀ ਮਹਿਲਾ ਮੰਡਲ ਵੱਲੋਂ ਮਾਂ ਭਗਵਤੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਜਿਸ ਤੋਂ ਬਾਅਦ ਮੰਦਰ ਪਰਿਸਰ ਵਿੱਚ ਸਮੂਹਿਕ ਪੂਜਾ ਅਤੇ ਆਰਤੀ ਦਾ ਆਯੋਜਨ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਮਾਘ ਮਹੀਨੇ ਦੇ ਸਪਤਮੀ ਦੇ ਵਰਤ ਦੌਰਾਨ ਭਗਵਾਨ ਸੂਰਜ ਦੀ ਪੂਜਾ ਕੀਤੀ ਜਾਂਦੀ ਹੈ। ਇਸ ਦਿਨ ਇਸ਼ਨਾਨ, ਦਾਨ,ਪੂਜਾ ਅਤੇ ਹਵਨ ਕਰਨ ਨਾਲ ਭਗਵਾਨ ਸੂਰਜ ਮਨਚਾਹੇ ਫਲ ਦਿੰਦੇ ਹਨ ਅਤੇ ਵਿਅਕਤੀ ਨੂੰ ਪੁੰਨ ਦੀ ਪ੍ਰਾਪਤੀ ਹੁੰਦੀ ਹੈ। ਇਸ ਵਿਸ਼ੇਸ਼ ਮੌਕੇ ਤੇ ਸ਼੍ਰੀ ਸਵਾਮੀ ਸ਼ੰਕਰ ਨਾਥ ਪਰਵਤ ਚੈਰੀਟੇਬਲ ਐਂਡ ਵੈਲਫੇਅਰ ਟਰੱਸਟ ਦੇ ਮੈਂਬਰਾਂ ਨੇ ਮੰਦਰ ਪਰਿਸਰ ਚ ਆਏ ਸਾਰੇ ਸ਼ਰਧਾਲੂਆਂ ਨੂੰ ਮਾਂ ਭਗਵਤੀ ਦੇ ਪ੍ਰਸ਼ਾਦ ਵਜੋਂ ਕੜ੍ਹੀ, ਰੁਮਾਲੀ ਰੋਟੀ ਅਤੇ ਹਲਵਾ ਪ੍ਰਸ਼ਾਦ ਪਿਆਰ ਨਾਲ ਵੰਡਿਆ। ਸੇਵਾ ਨਿਭਾਉਣ ਵਾਲਿਆਂ ਵਿੱਚ ਮੁੱਖ ਤੌਰ ਤੇ ਮਹਿਲਾ ਸੰਕੀਰਤਨ ਮੰਡਲੀ ਤੋਂ ਬ੍ਰਿਜ ਭੂਸ਼ਣ ਜਲੋਟਾ, ਰਣਬੀਰ ਦੁੱਗਲ,ਅਸ਼ੋਕ ਚੱਢਾ,ਪਵਨ ਕਸ਼ਯਪ,ਲਲਿਤ ਤਿਵਾੜੀ,ਕਨਵ ਤਿਵਾੜੀ,ਪ੍ਰਕਾਸ਼ ਯਾਦਵ,ਈਸ਼ੂ ਸ਼ਰਮਾ,ਅੰਕਿਤ ਕੁਮਾਰ ਝਾਅ,ਵਤਸਲ ਤਿਵਾੜੀ,ਕਨ੍ਹਈਆ ਕੁਮਾਰ ਅਤੇ ਸੁਮਨ ਸੇਠ ਸ਼ਾਮਲ ਸਨ ਅਰੋੜਾ,ਮਾਧੁਰੀ ਸ਼ਰਮਾ,ਰਮਾ ਸ਼ਰਮਾ,ਕੁਲਵੰਤ ਕੌਰ,ਬਲਵਿੰਦਰ ਕੌਰ, ਰੁਪਿੰਦਰ ਕੌਰ,ਸ. ਪਰਵੀਨ ਸ਼ਰਮਾ,ਕਵਿਤਾ ਸ਼ਰਮਾ,ਰਿਚਾ ਤਿਵਾੜੀ,ਸੁਨੀਤਾ ਸ਼ਰਮਾ ਆਦਿ ਹਾਜ਼ਰ ਸਨ।

# ਪਿੰਡ ਪੰਡੋਰੀ ਵਿਖੇ ਬੈਂਸ ਗੋਤਰ ਜਠੇਰਿਆਂ ਦਾ ਸਲਾਨਾ ਜੋੜ ਮੇਲਾ 26 ਨੂੰ



ਫਗਵਾੜਾ ( ਸੁਸ਼ੀਲ ਸ਼ਰਮਾ ) ਬੈਂਸ ਗੋਤਰ ਜਠੇਰਿਆਂ ਦਾ ਸਲਾਨਾ ਜੋੜ ਮੇਲਾ ਪਿੰਡ ਪੰਡੋਰੀ ਤਹਿਸੀਲ ਫਗਵਾੜਾ ਵਿਖੇ ਪ੍ਰਬੰਧਕ ਕਮੇਟੀ ਵਲੋਂ ਸਮੂਹ ਬੈਂਸ ਪਰਿਵਾਰਾਂ ਦੇ ਸਹਿਯੋਗ ਨਾਲ 26 ਜਨਵਰੀ ਦਿਨ ਐਤਵਾਰ ਨੂੰ ਬੜੀ ਸ਼ਰਧਾ ‘ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਚੌਧਰੀ ਜੀਤ ਰਾਮ, ਮੇਜਰ ਸਿੰਘ, ਸੁਖਵੀਰ ਸਿੰਘ, ਪਰਮਿੰਦਰ ਬੈਂਸ ਤੇ ਵਿੱਕੀ ਬੈਂਸ ਨੇ ਦੱਸਿਆ ਕਿ ਸਵੇਰੇ ਝੰਡੇ ਦੀ ਰਸਮ ਉਪਰੰਤ ਚਰਾਗ਼ ਰੁਸ਼ਨਾਏ ਜਾਣਗੇ ਅਤੇ ਸਰਬੱਤ ਦੇ ਭਲੇ ਅਤੇ ਬੈਂਸ ਪਰਿਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇਗੀ। ਉਪਰੰਤ ਵੱਡੇ ਵਢੇਰਿਆਂ ਦੀ ਪੂਜਾ ਤੋਂ ਬਾਅਦ ਦੁਪਿਹਰ ਨੂੰ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪੰਜਾਬ ਦੀ ਨਾਮਵਰ ਗਾਇਕ ਜੋੜੀ ਭੁਪਿੰਦਰ ਗਿੱਲ ਤੇ ਬੀਬਾ ਜਸਵਿੰਦਰ ਜੀਤੂ ਆਪਣੇ ਪ੍ਰਸਿੱਧ ਗੀਤਾਂ ਰਾਹੀਂ ਭਰਵੀਂ ਹਾਜਰੀ ਲਗਵਾਉਣਗੇ। ਚਾਹ ਪਕੌੜੇ ਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਜਾਵੇਗੀ। ਉਹਨਾਂ ਦੱਸਿਆ ਕਿ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਆਖਰੀ ਦੌਰ ਵਿਚ ਹਨ। ਉਹਨਾਂ ਸਮੂਹ ਬੈਂਸ ਪਰਿਵਾਰਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਸਲਾਨਾ ਜੋੜ ਮੇਲੇ ਵਿਚ ਪਰਿਵਾਰਾਂ ਸਮੇਤ ਹਾਜਰੀ ਲਗਵਾਉਣ ਅਤੇ ਵੱਡੇ ਵਢੇਰਿਆਂ ਦਾ ਅਸ਼ੀਰਵਾਦ ਪ੍ਰਾਪਤ ਕਰਨ। ਇਸ ਮੌਕੇ ਗਿਆਨ ਚੰਦ, ਹਰਨੇਕ ਸਿੰਘ, ਤਰਸੇਮ ਲਾਲ, ਮੀਤ ਜੰਡਿਆਲਾ, ਸਤਨਾਮ ਸਿੰਘ ਜੱਲੋਵਾਲ ਕਲੋਨੀ, ਮੋਤੀ ਰਾਮ ਕਿੰਗਰਾ, ਪਰਦੇਸੀ ਗੰਨਾ ਪਿੰਡ ਆਦਿ ਹਾਜਰ ਸਨ।

# ਪੰਜਾਬ ਸਾਹਿਤਕ ਮੰਚ ਵੱਲੋਂ ਮਹੀਨਾਵਾਰ ਕਵੀ ਦਰਬਾਰ ਕਰਵਾਇਆ ਗਿਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਾਹਿਤਕ ਮੰਚ ਵੱਲੋਂ ਮਹੀਨਾਵਾਰ ਕਵੀ ਦਰਬਾਰ ਸੈਕੂਲਰ ਪਬਲਿਕ ਸਕੂਲ ਗੁਰੂ ਅਮਰਦਾਸ ਐਕਸਟੈਨਸ਼ਨ ਨੇੜੇ ਵੇਰਕਾ ਮਿਲਕ ਪਲਾਂਟ ਜਲੰਧਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਦਰਸ਼ਨ ਸਿੰਘ ਨੰਦਰਾ ਦਾ ਕਹਾਣੀ ਸੰਗ੍ਰਹਿ ਤੈਨੂੰ ਚੰਨ ਆਖਾਂ ਕੇ ਤਾਰਾ ਲੋਕ ਅਰਪਣ ਕੀਤਾ ਗਿਆ।ਮੰਚ ਦੇ ਚੇਅਰਮੈਨ ਅਵਤਾਰ ਸਿੰਘ ਬੈਂਸ ਨੇ ਆਏ ਹੋਏ ਕਵੀਆਂ ਗੀਤਕਾਰਾਂ ਅਤੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉੱਥੇ ਕਵੀਆਂ ਅਤੇ ਗੀਤਕਾਰਾਂ ਲਾਲੀ ਕਰਤਾਰਪੁਰੀ,ਦਲਜੀਤ ਮਹਿਮੀ,ਸੋਢੀ ਸੱਤੋਵਾਲੀ,ਦਰਸ਼ਨ ਸਿੰਘ ਨੰਦਰਾ,ਇੰਦਰ ਸਿੰਘ ਮਿਸਰੀ,ਮਨਜੀਤ ਸਿੰਘ,ਸੁਰਿੰਦਰ ਸਿੰਘ,ਤਰਸੇਮ ਜਲੰਧਰੀ,ਸੀਮਾ ਸਾਗਰ,ਹਰਦੀਪ ਕੌਰ ਬੈਂਸ,ਭਗਵੰਤ ਸਿੰਘ,ਡਾ.ਰਕੇਸ਼ ਬਾਲੀ, ਅਵਤਾਰ ਸਿੰਘ ਖਾਲਸਾ,ਕੁਲਜੀਤ ਸਿੰਘ ਚਾਵਲਾ,ਕੇ.ਕੇ.ਸਾਹਿਬ, ਪ੍ਰਿੰਸੀਪਲ ਜਸਵੰਤ ਸਿੰਘ,ਪ੍ਰਿੰਸੀਪਲ ਸੁਰਿੰਦਰ ਮੋਹਨ,ਗੁਰਦੀਪ ਸਿੰਘ ਉਜਾਲਾ,ਸੁਖਦੇਵ ਸਿੰਘ ਗੰਢਵਾਂ,ਹਰਜਿੰਦਰ ਸਿੰਘ ਜਿੰਦੀ,ਅਮਰ ਸਿੰਘ ਅਮਰ,ਅਵਤਾਰ ਸਿੰਘ ਬੈਂਸ ਅਤੇ ਕੁਲਵਿੰਦਰ ਸਿੰਘ ਗਾਖਲ ਸਟੇਟ ਅਵਾਰਡੀ ਨੇ ਆਪਣੀਆਂ ਰਚਨਾਵਾਂ ਰਾਹੀਂ ਸਾਂਝ ਪਾਈ। ਸਰੋਤਿਆਂ ਵਿੱਚ ਹਾਜ਼ਰ ਮਹਿਮਾਨ ਅਰੁਣ ਕੁਮਾਰ,ਮੇਜਰ ਸਿੰਘ,ਸੁਖਵਿੰਦਰ ਸਿੰਘ ਢਿੱਲੋਂ, ਹਜ਼ਾਰੀ ਲਾਲ,ਅਮਰੀਕ ਸਿੰਘ ਗਿੱਲ,ਹਰਜਿੰਦਰ ਕੌਰ ਅਤੇ ਚੰਦਰ ਕਾਂਤਾ ਵੱਲੋਂ ਮੰਚ ਦੀਆਂ ਗਤੀਵਿਧੀਆਂ ਸਬੰਧੀ ਸਰਾਹਣਾ ਕੀਤੀ ਗਈ।ਸਟੇਜ ਸਕੱਤਰ ਦੀ ਭੂਮਿਕਾ ਮੰਚ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਜਿੰਦੀ ਵੱਲੋਂ ਬਾਖ਼ੂਬੀ ਨਿਭਾਈ ਗਈ ਅਤੇ ਮੰਚ ਦੇ ਖਜਾਨਚੀ ਅਮਰ ਸਿੰਘ ਅਮਰ ਨੇ ਮੰਚ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ।ਅੰਤ ਵਿੱਚ ਮੰਚ ਦੇ ਪ੍ਰਧਾਨ ਕੁਲਵਿੰਦਰ ਸਿੰਘ ਗਾਖਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਮੰਚ ਦੇ ਮੈਂਬਰਾਂ ਵੱਲੋਂ ਪ੍ਰਿੰਸੀਪਲ ਜਸਵੰਤ ਸਿੰਘ,ਦਰਸ਼ਨ ਸਿੰਘ ਨੰਦਰਾ ਨੂੰ ਸਨਮਾਨਿਤ ਕੀਤਾ ਗਿਆ ਅਤੇ ਦਰਸ਼ਨ ਸਿੰਘ ਨੰਦਰਾ ਨੂੰ ਉਹਨਾਂ ਦਾ ਕਹਾਣੀ ਸੰਗ੍ਰਹਿ ਲੋਕ ਅਰਪਣ ਹੋਣ ਤੇ ਵਧਾਈ ਦਿੱਤੀ

# ਮਣੀ ਅਕਾਲੀ ਦਲ ਨੇ ਗੁਰੂ ਚਰਨਾਂ ‘ਚ ਅਰਦਾਸ ਉਪਰੰਤ ਫਗਵਾੜਾ ‘ਚ ਸ਼ੁਰੂ ਕੀਤੀ ਮੈਂਬਰਸ਼ਿਪ ਮੁਹਿਮ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ ਹਲਕਾ ਫਗਵਾੜਾ ਦੀ ਮੈਂਬਰਸ਼ਿਪ ਭਰਤੀ ਮੁਹਿੰਮ ਦੀ ਸ਼ੁਰੂਆਤ ਅੱਜ ਸਰਦਾਰ ਰਣਜੀਤ ਸਿੰਘ ਖੁਰਾਣਾ ਹਲਕਾ ਇੰਚਾਰਜ ਫਗਵਾੜਾ ਸ਼ਹਿਰੀ ਅਤੇ ਸ. ਰਜਿੰਦਰ ਸਿੰਘ ਚੰਦੀ ਹਲਕਾ ਇੰਚਾਰਜ ਦਿਹਾਤੀ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਕੀਤੀ ਗਈ। ਇਸ ਮੌਕੇ ਸ. ਜਰਨੈਲ ਸਿੰਘ ਵਾਹਦ ਵਿਸ਼ੇਸ਼ ਤੌਰ ਤੇ ਪਹੁੰਚੇ। ਮੈਂਬਰਸ਼ਿਪ ਮੁਹਿਮ ਸ਼ੁਰੂ ਕਰਨ ਮੌਕੇ ਹਲਕਾ ਇੰਚਾਰਜ ਖੁਰਾਣਾ ਅਤੇ ਚੰਦੀ ਨੇ ਦੱਸਿਆ ਕਿ ਕੋਈ ਵੀ ਨਾਗਰਿਕ ਸਿਰਫ 10 ਰੁਪਏ ਦੀ ਰਸੀਦ ਲੈ ਕੇ ਪਾਰਟੀ ਦੀ ਮੈਂਬਰਸ਼ਿਪ ਲੈ ਸਕਦਾ ਹੈ। ਉਹਨਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਲਈ ਪੰਜਾਬੀਆਂ ‘ਚ ਭਾਰੀ ਉਤਸ਼ਾਹ ਹੈ। ਕਿਉਂਕਿ ਉਹ ਜਾਣਦੇ ਹਨ ਕਿ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ ਲਈ ਸਿਰਫ ਇਹੋ ਪਾਰਟੀ ਸੱਚਾ ਸੰਘਰਸ਼ ਕਰਦੀ ਹੈ। ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਪੂਰੇ ਵਿਸ਼ਵਾਸ ਨਾਲ ਕਿਹਾ ਕਿ ਮੈਂਬਰਸ਼ਿਪ ਮੁਹਿਮ ਪੂਰੀ ਹੋਣ ਤੱਕ ਸ਼੍ਰੋਮਣੀ ਅਕਾਲੀ ਦਲ ਦੂਸਰੀਆਂ ਸਿਆਸੀ ਧਿਰਾਂ ਦੇ ਮੁਕਾਬਲੇ ਬਹੁਤ ਵਿਸ਼ਾਲ ਰੂਪ ਧਾਰਣ ਕਰ ਲਵੇਗਾ। ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਦੱਸਿਆ ਕਿ ਪਿੰਡ ਪੱਧਰ ਤੇ ਮੈਂਬਰਸ਼ਿਪ ਮੁਹਿਮ ਸ਼ੁਰੂ ਕੀਤੀ ਜਾਵੇਗੀ। ਜਿਸ ਦੇ ਲਈ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਮੈਂਬਰਸ਼ਿਪ ਮੁਹਿਮ ਪੂਰੀ ਹੋਣ ਤੋਂ ਬਾਅਦ ਜੋਰ-ਸ਼ੋਰ ਦੇ ਨਾਲ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ ਦੀ ਤਿਆਰੀ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਫਗਵਾੜਾ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਇਸਤਰੀ ਅਕਾਲੀ ਦਲ ਤੇ ਯੂਥ ਆਗੂ ਤੇ ਵਰਕਰ ਮੌਜੂਦ ਸਨ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ ਪੰਜਾਬ ਦੀ ਵਿਰਸਾਤ ਨੂੰ ਦਰਸਾਉਂਦਾ ਕੈਲੰਡਰ ਰਿਲੀਜ਼



ਫ਼ਗਵਾੜਾ (ਸੁਸ਼ੀਲ ਸ਼ਰਮਾ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਇਕ ਮਹੱਤਵਪੂਰਨ ਸਮਾਗਮ ਵਿੱਚ, ਵਾਈਸ ਚਾਂਸਲਰ ਪ੍ਰੋ.ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ,ਐਡਵੋਕੇਟ ਅਤੇ ਹੈਰੀਟੇਜ ਪ੍ਰਮੋਟਰ ਦੁਆਰਾ ਤਿਆਰ ਸਚਿੱਤਰ ਕੈਲੰਡਰ ਅਤੇ ਡਾਕੂਮੈਂਟਰੀ ਪੰਜਾਬ ਦੀ ਵਿਰਸਾਤ ਦੇ ਇਤਿਹਾਸਿਕ ਨਿਸ਼ਾਨ ਚਿਨ੍ਹ ਜਾਰੀ ਕੀਤੀ ਜੋ ਪੰਜਾਬ ਦੀ ਪੁਰਾਤਨ ਵਿਰਾਸਤ ਅਤੇ ਇਤਿਹਾਸਕ ਖ਼ੂਬਸੂਰਤੀ ਨੂੰ ਸੁਚੱਜੇ ਢੰਗ ਨਾਲ ਦਰਸਾਉਂਦੀ ਹੈ।

ਸਮਾਗਮ ਦੌਰਾਨ,ਵਾਈਸ ਚਾਂਸਲਰ ਪ੍ਰੋ.ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ ਵੱਲੋਂ ਕੀਤੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ, ਅਤੇ ਕਿਹਾ ਕਿ ਇਹ ਕਾਰਜ ਪੰਜਾਬ ਦੇ ਇਤਿਹਾਸਕ ਵਿਰਾਸਤੀ ਸਮਾਰਕਾਂ ਨੂੰ ਪ੍ਰਚਾਰਤ ਕਰਨ ਅਤੇ ਉਨ੍ਹਾਂ ਦੀ ਮਹੱਤਤਾ ਦਰਸਾਉਣ ਵਿੱਚ ਅਹਿਮ ਯੋਗਦਾਨ ਪਵੇਗੀ। ਉਨ੍ਹਾਂ ਨੇ ਹਰਪ੍ਰੀਤ ਸੰਧੂ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਤਿੰਨ ਮਹੱਤਵਪੂਰਨ ਵਿਰਾਸਤੀ ਸਮਾਰਕਾਂ-ਪੁਲ ਮੋਰਾਂ, ਜੋ ਇਤਿਹਾਸਕ ਅਤੇ ਆਰਕੀਟੈਕਚਰਲ ਸ਼ਾਨ ਦਾ ਪ੍ਰਤੀਕ ਹੈ,ਟਾਊਨ ਹਾਲ ਵਿਰਾਸਤ ਦਾ ਯਾਦਗਾਰ ਹੈ, ਅਤੇ 126 ਸਾਲ ਪੁਰਾਣੀ ਖਾਲਸਾ ਕਾਲਜ ਅੰਮ੍ਰਿਤਸਰ ਦੀ ਇਮਾਰਤ, ਜੋ ਇੰਡੋ-ਸਰਸੈਨਿਕ ਸ਼ੈਲੀ ਦਾ ਸ਼ਾਨਦਾਰ ਨਮੂਨਾ ਹੈ, ਨੂੰ ਉਜਾਗਰ ਕਰਨ ਲਈ ਧੰਨਵਾਦ ਪ੍ਰਗਟ ਕੀਤਾ।

ਪ੍ਰੋ.ਕਰਮਜੀਤ ਸਿੰਘ ਨੇ ਇਸ ਪ੍ਰੋਜੈਕਟ ਨੂੰ ਪੰਜਾਬ ਦੀ ਇਤਿਹਾਸਕ ਵਿਰਾਸਤ ਦਾ ਖਜ਼ਾਨਾ ਕਿਹਾ ਅਤੇ ਇਸ ਦੀ ਮਹੱਤਤਾ ਨੂੰ ਪੰਜਾਬ ਦੇ ਨਾਗਰਿਕਾਂ ਨੂੰ ਖਾਸ ਤੌਰ ਤੇ ਨੌਜਵਾਨ ਪੀੜ੍ਹੀ ਨੂੰ ਜੁੜਨ ਦੇ ਯਤਨ ਵਜੋਂ ਦਰਸਾਇਆ। ਉਨ੍ਹਾਂ ਕਿਹਾ, ਹਰਪ੍ਰੀਤ ਸੰਧੂ ਦਾ ਇਹ ਵਿਲੱਖਣ ਯਤਨ ਵਿਰਾਸਤੀ ਸਥਾਨਾਂ ਦੀ ਦਸਤਾਵੇਜ਼ਬੰਦੀ ਕਰਕੇ ਪੰਜਾਬ ਦੀ ਸੱਭਿਆਚਾਰਕ ਜੜ੍ਹਾਂ ਲਈ ਸਨਮਾਨ ਅਤੇ ਆਦਰ ਜਗਾਉਣ ਲਈ ਇੱਕ ਮਹੱਤਵਪੂਰਨ ਕਦਮ ਹੈ। ਚਿੱਤਰਾਤਮਕ ਕੈਲੰਡਰ ਅਤੇ ਡਾਕੂਮੈਂਟਰੀ ਨੂੰ ਪੰਜਾਬ ਦੇ ਲੋਕਾਂ ਨੂੰ ਆਪਣੇ ਇਤਿਹਾਸਕ ਖਜ਼ਾਨਿਆਂ ਨੂੰ ਸਨਮਾਨ ਦੇਣ ਅਤੇ ਸੁਰੱਖਿਅਤ ਕਰਨ ਲਈ ਪ੍ਰੇਰਿਤ ਕਰਨ ਦੇ ਇੱਕ ਸਾਧਨ ਵਜੋਂ ਦੇਖਿਆ ਗਿਆ।

ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰ ਡਾ.ਕਰਨਜੀਤ ਸਿੰਘ,ਡਾ.ਪ੍ਰੀਤ ਮਹਿੰਦਰ ਸਿੰਘ ਬੇਦੀ,ਡੀਨ, ਵਿਭਾਗਾਂ ਦੇ ਮੁਖੀ ਅਤੇ ਫੈਕਲਟੀ ਮੈਂਬਰ ਸ਼ਾਮਲ ਸਨ। ਇਸ ਤੋਂ ਉਪਰੰਤ ਹਰਪ੍ਰੀਤ ਸਿੰਘ ਸੰਧੂ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਉਕਤ ਕੈਲੰਡਰ ਭੇਟ ਕੀਤਾ। ਜਿੰਨਾ ਨੇ ਹਰਪ੍ਰੀਤ ਸਿੰਘ ਸੰਧੂ ਦੇ ਉਦਮ ਦੀ ਸਰਾਹਨਾ ਕੀਤੀ।

# ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ ਨੂੰ ਰੋਕਣਾ ਸਾਡੀ ਸਭ ਦੀ ਜਿੰਮੇਵਾਰੀ-ਸਿਵਲ ਸਰਜਨ ਡਾ. ਗੁਰਮੀਤ ਲਾਲ



ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਜਿਲ੍ਹਾ ਐਡਵਾਇਜ਼ਰੀ ਕਮੇਟੀ (ਪੀ.ਸੀ.-ਪੀ.ਐੱਨ.ਡੀ.ਟੀ.) ਦੀ ਮੀਟਿੰਗ ਮੰਗਲਵਾਰ ਨੂੰ ਸਿਵਲ ਸਰਜਨ ਦਫ਼ਤਰ ਜਲੰਧਰ ਵਿਖੇ ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਕੈਨ ਸੈਂਟਰਾਂ ਦੀ ਨਵੀਂ ਰਜਿਸਟ੍ਰੇਸ਼ਨ ਅਤੇ ਰੀਨਿਊਲ ਲਈ ਪ੍ਰਾਪਤ ਪ੍ਰਤੀ ਬੇਨਤੀਆਂ ਉੱਤੇ ਆਧਾਰਿਤ ਏਜੰਡਿਆਂ ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਐਸ.ਐਮ.ਓ.ਡਾ. ਵਰਿੰਦਰ ਕੌਰ ਥਿੰਦ,ਡਾ.ਅਭਿਨਵ ਸ਼ੂਰ, ਸਹਾਇਕ ਜਿਲ੍ਹਾ ਅਟਾਰਨੀ ਸ੍ਰੀ ਗਗਨਦੀਪ, ਸ੍ਰੀ ਸ਼ਾਂਤ ਕੁਮਾਰ ਗੁਪਤਾ, ਸ੍ਰੀਮਤੀ ਪਰਵੀਨ ਅਬਰੋਲ, ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ, ਜਿਲ੍ਹਾ ਪੀ.ਸੀ.-ਪੀ.ਐਨ.ਡੀ.ਟੀ. ਕੋਆਰਡੀਨੇਟਰ ਦੀਪਕ ਬਧੋਰੀਆ ਮੌਜੂਦ ਸਨ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਪੀ.ਸੀ.-ਪੀ.ਐੱਨ.ਡੀ.ਟੀ. ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ ਨੂੰ ਰੋਕਿਆ ਜਾ ਸਕੇ। ਭਰੂਣ ਹੱਤਿਆ ਨੂੰ ਰੋਕਣਾ ਸਾਡੀ ਸਭ ਦੀ ਜਿੰਮੇਵਾਰੀ ਹੈ। ਪੀ.ਸੀ.-ਪੀ.ਐੱਨ.ਡੀ.ਟੀ.ਐਕਟ ਦੀ ਉਲੰਘਣਾ ਕਰਨ ਵਾਲਿਆਂ ਤੇ ਸਿਹਤ ਵਿਭਾਗ ਦੀ ਪੈਨੀ ਨਜ਼ਰ ਹੈ ਅਤੇ ਜ਼ਿਲ੍ਹੇ ਵਿਚ ਨਿਰੰਤਰ ਅਲਟਰਾਸਾਊਂਡ ਸੈਂਟਰਾਂ ਦੀ ਚੈੱਕਿੰਗ ਕੀਤੀ ਜਾ ਰਹੀ ਹੈ। ਲੜਕੇ-ਲੜਕੀ ਦੇ ਲਿੰਗ ਅਨੁਪਾਤ ਦੇ ਪਾੜ੍ਹੇ ਨੂੰ ਘੱਟ ਕਰਨ ਲਈ ਸਮਾਜ ਅੰਦਰ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਹਰ ਵਰਗ ਨੂੰ ਸਹਿਯੋਗ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਰੂਣ ਦੇ ਲਿੰਗ ਦੀ ਜਾਂਚ ਕਰਵਾਉਣਾ/ਕਰਨਾ ਗੈਰਕਾਨੂੰਨੀ ਹੈ ਅਤੇ ਇਸ ਜ਼ੁਰਮ ਵਿੱਚ ਪਾਏ ਗਏ ਦੋਸ਼ੀਆਂ ਖਿਲਾਫ ਪੀ.ਸੀ.-ਪੀ.ਐਨ.ਡੀ.ਟੀ.ਐਕਟ ਤਹਿਤ ਸਖਤ ਕਾਰਵਾਈ ਕੀਤੀ ਜਾਵੇਗੀ। ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜਿਲ੍ਹੇ ਦੇ ਲਿੰਗ ਅਨੁਪਾਤ ਦੀ ਦਰ ਵਿੱਚ ਸੁਧਾਰ ਹੋਇਆ ਹੈ, 2023 ਵਿੱਚ ਜਿੱਥੇ ਲਿੰਗ ਅਨੁਪਾਤ ਦਰ 1000 ਲੜਕਿਆਂ ਪਿੱਛੇ 918 ਲੜਕੀਆਂ ਸੀ, ਉੱਥੇ ਹੁਣ ਲਿੰਗ ਅਨੁਪਾਤ ਦਰ ਸੁਧਰ ਕੇ 2024 ਵਿੱਚ 1000 ਲੜਕਿਆਂ ਦੇ ਪਿੱਛੇ 939 ਲੜਕਿਆਂ ਤੱਕ ਪਹੁੰਚ ਗਈ ਹੈ।

ਜਿਲ੍ਹਾ ਪਰਿਵਾਰ ਭਲਾਈ ਅਫਸਰ ਕਮ ਨੋਡਲ ਅਫਸਰ ਪੀ.ਸੀ.-ਪੀ.ਐਨ.ਡੀ.ਟੀ.ਡਾ.ਰਮਨ ਗੁਪਤਾ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ 1 ਨਵੇਂ ਸਕੈਨ ਸੈਂਟਰਾਂ ਵਲੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰਤੀ ਬੇਨਤੀ ਪ੍ਰਾਪਤ ਹੋਈ ਸੀ,ਜਿਸ ਨੂੰ ਦਸਤਾਵੇਜ਼ ਵਾਚਣ ਉਪਰੰਤ ਵਿਚਾਰ ਅਧੀਨ ਰੱਖਿਆ ਗਿਆ। ਇਸ ਤੋਂ ਇਲਾਵਾ 3 ਸਕੈਨ ਸੈਂਟਰਾਂ ਵਲੋਂ ਰਜਿਸਟ੍ਰੇਸ਼ਨ ਰੀਨਿਊ ਕਰਵਾਉਣ ਲਈ ਪ੍ਰਤੀ ਬੇਨਤੀਆਂ ਦਿੱਤੀਆਂ ਗਈਆਂ ਸਨ, ਜਿਨ੍ਹਾਂ ਨੂੰ ਲੋੜੀਂਦੇ ਦਸਤਾਵੇਜ ਪੂਰੇ ਹੋਣ ਅਤੇ ਕਮੇਟੀ ਮੈਂਬਰਾਂ ਵਲੋਂ ਪੜਚੋਲ ਕਰਨ ਉਪਰੰਤ ਮਨਜ਼ੂਰੀ ਦੇ ਦਿੱਤੀ ਗਈ।

# ਇਲੈਕਟਰੀਕਲ ਟ੍ਰੇਡਰਜ਼ ਐਸੋਸੀਏਸ਼ਨ ਨੇ ਜਰੂਰਤਮੰਦ ਪਰਿਵਾਰਾਂ ਨੂੰ ਹਫਤਾਵਾਰੀ ਰਾਸ਼ਨ ਭੇਂਟ ਕੀਤਾ-ਬਲਬੀਰ ਕਾਕਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਇਲੈਕਟਰੀਕਲ ਟ੍ਰੇਡਰਜ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਜਿੱਥੇ ਹਜ਼ਾਰਾਂ ਪਰਿਵਾਰਾਂ ਨੂੰ ਰੁਜ਼ਗਾਰ ਦਿੱਤਾ ਜਾ ਰਿਹਾ ਹੈ।ਉੱਥੇ ਜਰੂਰਤਮੰਦ ਪਰਿਵਾਰਾਂ ਨੂੰ ਹਫਤਾਵਾਰੀ ਰਾਸ਼ਨ ਪ੍ਰੋਗਰਾਮ ਆਯੋਜਿਤ ਕਰਕੇ ਪੁੰਨ ਦੇ ਕੰਮ ਵੀ ਕੀਤੇ ਜਾ ਰਹੇ ਹਨ। ਇਸੇ ਲੜੀ ਦੇ ਚੱਲਦਿਆਂ ਪ੍ਰਧਾਨ ਬਲਬੀਰ ਕਾਕਾ ਦੀ ਰਹਿਨੁਮਾਈ ਹੇਠ ਫਾਈਨ ਮਾਰਕੀਟਿੰਗ,ਹਾਲ ਬਾਜ਼ਾਰ ਵਿਖੇ ਕਈ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਂਟ ਕੀਤਾ ਗਿਆ।

ਇਸ ਮੌਕੇ ਤੇ ਪ੍ਰਧਾਨ ਬਲਬੀਰ ਕਾਕਾ,ਚੇਅਰਮੈਨ ਰਣਜੀਤ ਸਿੰਘ ਅਰੋੜਾ,ਕੈਸ਼ੀਅਰ ਹਰਜੀਤ ਸਿੰਘ ਕਲਸੀ,ਗੁਰਬਖਸ਼ ਮਰਵਾਹਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੀ ਐਸੋਸੀਏਸ਼ਨ ਦੇ ਕਰੀਬ 121 ਮੈਂਬਰ ਹਨ। ਇਹ ਸਾਰੇ ਪਰਿਵਾਰ ਜਿੱਥੇ ਇੱਕ ਦੂਸਰੇ ਲਈ ਸੁੱਖ ਦੁੱਖ ਦੇ ਸਾਥੀ ਬਣਦੇ ਹਨ, ਉਥੇ ਇਹਨਾਂ ਵੱਲੋਂ ਹਰ ਪ੍ਰਕਾਰ ਦੇ ਸਮਾਜ ਸੇਵੀ ਕੰਮਾਂ ਵਿੱਚ ਹਮੇਸ਼ਾ ਵੱਧ ਚੜ ਕੇ ਯੋਗਦਾਨ ਅਦਾ ਕੀਤਾ ਜਾਂਦਾ ਹੈ। ਇੱਕ ਸਾਲ ਦੇ ਵਿੱਚ 48 ਪ੍ਰੋਗਰਾਮ ਆਯੋਜਿਤ ਕਰਦੇ ਹੋਏ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਦਿੱਤੇ ਜਾ ਰਹੇ ਹਨ। ਪਰਮਾਤਮਾ ਦੇ ਅਸ਼ੀਰਵਾਦ ਅਤੇ ਸਾਥੀਆਂ ਦੇ ਸਹਿਯੋਗ ਦੇ ਚਲਦਿਆਂ ਇਹ ਪ੍ਰੋਗਰਾਮ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਤੇ ਪਰਸ਼ੋਤਮ ਮਰਵਾਹਾ, ਕਮਲ ਕਿਸ਼ੋਰ,ਮੰਨੂ ਬਾਂਸਲ,ਨਾਨਕ ਸਿੰਘ,ਰਾਹੁਲ ਸ਼ਰਮਾ,ਪ੍ਰਿੰਸ ਇਲੈਕਟਰੀਕਲ,ਪਵਨ ਕੁਮਾਰ ਸ਼ਕਤੀ ਇਲੈਕਟਰੀਕਲ, ਮਹਾਜਨ ਟਰੇਡਰ ਤੋਂ ਇਲਾਵਾ ਹੋਰ ਟੀਮ ਸਾਥੀ ਮੌਜੂਦ ਸਨ।

# ਚਾਈਲਡ ਡੈੱਥ ਰੀਵਿਊ ਟ੍ਰੇਨਿੰਗ ਦਾ ਮਕਸਦ ਬਾਲ ਮੌਤ ਦਰ ਨੂੰ ਘਟਾਉਣਾ-ਸਿਵਲ ਸਰਜਨ ਡਾ. ਗੁਰਮੀਤ ਲਾਲ



ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੀ ਅਗਵਾਈ ਹੇਠ ਜਿਲ੍ਹੇ ਦੇ ਸਮੂਹ ਐਸ.ਐਮ.ਓਜ਼.ਅਤੇ ਐਮ.ਓਜ਼ ਲਈ ਮੰਗਲਵਾਰ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਦੋ ਦਿਨਾਂ ਚਾਈਲਡ ਡੈੱਥ ਰੀਵਿਊ (ਸੀ.ਡੀ.ਆਰ.) ਟ੍ਰੇਨਿੰਗ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ। ਇਸ ਟ੍ਰੇਨਿੰਗ ਸੈਸ਼ਨ ਦਾ ਆਯੋਜਨ ਜਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਕੇਸ਼ ਚੋਪੜਾ ਅਤੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਰਮਨ ਗੁਪਤਾ ਦੀ ਦੇਖਰੇਖ ਹੇਠ ਕੀਤਾ ਗਿਆ। ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਸੀ.ਡੀ.ਆਰ.ਟ੍ਰੇਨਿੰਗ ਦਾ ਮਕਸਦ ਜਿਲ੍ਹੇ ਵਿੱਚ ਬਾਲ ਮੌਤ ਦਰ ਨੂੰ ਘਟਾਉਣਾ ਹੈ।

ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਦੱਸਿਆ ਕਿ ਬਾਲ ਮੌਤ ਦੀ ਸਮੀਖਿਆ ਟ੍ਰੇਨਿੰਗ ਜਿਲ੍ਹੇ ਵਿੱਚ ਬੱਚਿਆਂ ਦੀ ਸਿਹਤ ਨੂੰ ਬਣਾਈ ਰੱਖਣ ਅਤੇ ਬਾਲ ਮੌਤ ਦਰ ਨੂੰ ਘੱਟਾਉਣ ਲਈ ਮਹੱਤਵਪੂਰਨ ਹੈ। ਟ੍ਰੇਨਿੰਗ ਸੈਸ਼ਨ ਦੇ ਪਹਿਲੇ ਦਿਨ ਜਿਲ੍ਹਾ ਟੀਕਾਕਰਨ ਅਫ਼ਸਰ ਡਾ.ਰਾਕੇਸ਼ ਚੋਪੜਾ, ਸਰਵਿਲੈਂਸ ਮੈਡੀਕਲ ਅਫ਼ਸਰ (ਡਬਲਯੂ.ਐਚ.ਓ.) ਡਾ.ਗਗਨ ਸ਼ਰਮਾ ਅਤੇ ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾ.ਰਿਸ਼ੀ ਮਾਰਕੰਡਾ ਨੇ ਟ੍ਰੇਨਿੰਗ ਸੈਸ਼ਨ ਦੌਰਾਨ ਬਾਲ ਮੌਤ ਦੀ ਸਮੀਖਿਆ ਕਿਵੇਂ ਕਰਨੀ ਹੈ,ਇਸ ਵਿੱਚ ਸੁਧਾਰ ਕਿਵੇਂ ਲਿਆਉਣਾ ਹੈ, ਬਾਲ ਮੌਤ ਦੇ ਕਾਰਨਾਂ ਦੀ ਭਾਲ ਕਰਕੇ ਉਨ੍ਹਾਂ ਨੂੰ ਦੂਰ ਕਰਨ ਦੇ ਉਪਰਾਲੇ ਕਰਨਾ,ਹੋਰ ਸੰਬੰਧਤ ਮੁੱਦਿਆਂ ਦੀ ਪਛਾਣ ਅਤੇ ਬੱਚਿਆਂ ਦੀ ਸਿਹਤ ਨੂੰ ਬਿਹਤਰ ਬਣਾਉਣ ਬਾਰੇ ਵਿਸਥਾਰ ਨਾਲ ਸਿਖਲਾਈ ਦਿੱਤੀ ਗਈ।

# ਗਣਤੰਤਰ ਦਿਵਸ ਮੌਕੇ ਖਰੜ 'ਚ ਐਸ.ਡੀ.ਐਮ. ਗੁਰਮੰਦਰ ਸਿੰਘ ਲਹਿਰਾਉਣਗੇ ਕੌਮੀ ਤਿਰੰਗਾ




ਖਰੜ, ( ਕਾਲਾ ਸਿੰਘ ਸੈਣੀ )-ਸਬ ਡਵੀਜ਼ਨ ਖਰੜ ਪੱਧਰ ਦੇ ਗਣਤੰਤਰ ਦਿਵਸ ਅਨਾਜ਼ ਮੰਡੀ ਖਰੜ ਵਿਖੇ ਮਨਾਇਆ ਹੈ ਜਿਥੇ ਐਸ.ਡੀ.ਐਮ.ਖਰੜ ਗੁਰਮੰਦਰ ਸਿੰਘ ਕੌਮੀ ਤਿਰੰਗਾ ਲਹਿਰਾਉਣਗੇ ਅਤੇ ਮਾਰਚ ਪਾਸਟ ਤੋਂ ਸਲਾਮੀ ਲੈਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆ ਤਹਿਸੀਲਦਾਰ ਖਰੜ ਜਸਵਿੰਦਰ ਸਿੰਘ ਨੇ ਦਸਿਆ ਕਿ ਇਸ ਸਮਾਗਮ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸਕੂਲਾਂ ਦੇ ਬੱਚਿਆਂ ਵਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਵੱਖ-ਵੱਖ ਝਲਕੀਆਂ ਦੀ ਰਿਹਸਲਾਂ ਹੋ ਚੁੱਕੀਆਂ ਹਨ ਅਤੇ ਤਿਆਰੀਆਂ ਮੁਕੰਮਲ ਕਰਕੇ ਵੱਖ ਵੱਖ ਵਿਭਾਗਾਂ ਦੀਆਂ ਡਿਊਟੀਆਂ ਲਗਾਈਆ ਜਾ ਚੁੱਕੀਆਂ ਹਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕਾਨਪੁਰ ਚ ਪੁਲਿਸ ਹਿਰਾਸਤ ਚੋਂ ਫਰਾਰ ਹੋਇਆ ਇਤਿਹਾਸ ਰਚਣ ਵਾਲਾ, ਮੁੱਠਭੇੜ ਚ ਗਿ.ਫਤਾਰ, ਦੋ ਕਾਂਸਟੇਬਲ ਮੁਅੱਤਲ



ਕਾਨਪੁਰ( ਸੁਨੀਲ ਬਾਜਪਾਈ ) ਇੱਥੇ ਜ਼ਿਲ੍ਹਾ ਜੇਲ੍ਹ ਵਿੱਚੋਂ ਅਦਾਲਤ ਵਿੱਚ ਪੇਸ਼ੀ ਲਈ ਆਉਂਦੇ ਸਮੇਂ ਪੁਲੀਸ ਨੂੰ ਚਕਮਾ ਦੇ ਕੇ ਫਰਾਰ ਹੋਣ ਵਾਲੇ ਲੁਟੇਰੇ ਆਰਿਫ਼ ਉਰਫ਼ ਮੱਥਾ ਪੰਕੀ ਨੂੰ ਥਾਣਾ ਸਦਰ ਦੇ ਇਲਾਕੇ ਵਿੱਚ ਹੋਏ ਮੁਕਾਬਲੇ ਦੌਰਾਨ ਗ੍ਰਿਫ਼ਤਾਰ ਕਰ ਲਿਆ ਗਿਆ। ਉਸ ਕੋਲੋਂ ਇੱਕ ਪਿਸਤੌਲ ਅਤੇ ਮੋਟਰਸਾਈਕਲ ਵੀ ਬਰਾਮਦ ਹੋਇਆ ਹੈ। ਉਸ ਦੀ ਲੱਤ ਵਿੱਚ ਗੋਲੀ ਲੱਗਣ ਕਾਰਨ ਉਸ ਨੂੰ ਵੀ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।

ਜਾਣਕਾਰੀ ਮੁਤਾਬਕ ਪੁਲਸ ਮੁਲਾਜ਼ਮਾਂ ਨੂੰ ਚਕਮਾ ਦੇ ਕੇ ਫਰਾਰ ਹੋਣ ਤੋਂ ਬਾਅਦ ਪੁਲਸ ਦੀਆਂ ਕਈ ਟੀਮਾਂ ਦਿਨ ਭਰ ਵੱਖ-ਵੱਖ ਥਾਵਾਂ 'ਤੇ ਉਸ ਦੀ ਭਾਲ ਕਰਦੀਆਂ ਰਹੀਆਂ। ਇਸੇ ਦੌਰਾਨ ਮਿਲੀ ਪੁਖਤਾ ਸੂਚਨਾ ਦੇ ਆਧਾਰ 'ਤੇ ਦੇਰ ਰਾਤ ਪਾਂਕੀ ਪੁਲੀਸ ਨੇ ਕਪਲੀ ਅੰਡਰਪਾਸ ਨੇੜੇ ਮੁਕਾਬਲੇ ਮਗਰੋਂ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਦੌਰਾਨ ਉਸ ਦੀ ਖੱਬੀ ਲੱਤ ਵਿੱਚ ਗੋਲੀ ਲੱਗੀ। ਮੁਲਜ਼ਮਾਂ ਕੋਲੋਂ ਇੱਕ ਚੋਰੀ ਦਾ ਮੋਟਰਸਾਈਕਲ ਅਤੇ ਇੱਕ ਪਿਸਤੌਲ ਬਰਾਮਦ ਹੋਇਆ ਹੈ। ਉਸ ਨੂੰ ਮੁੱਢਲੀ ਸਹਾਇਤਾ ਲਈ ਹਲਾਤ ਦਾਖਲ ਕਰਵਾਇਆ ਗਿਆ ਹੈ।

ਪੁਲਿਸ ਨੇ ਦੱਸਿਆ ਕਿ ਕਾਬੂ ਕੀਤੇ ਗਏ ਪੰਕੀ ਦੇ ਗੰਗਾਗੰਜ ਦੇ ਰਹਿਣ ਵਾਲੇ ਮੱਥਾ ਦੇ ਖ਼ਿਲਾਫ਼ ਸ਼ਹਿਰ ਦੇ ਹੋਰ ਥਾਣਿਆਂ ਵਿੱਚ ਲੁੱਟ-ਖੋਹ, ਐਨਡੀਪੀਐਸ ਸਮੇਤ ਵੱਖ-ਵੱਖ ਧਾਰਾਵਾਂ ਤਹਿਤ 16 ਕੇਸ ਦਰਜ ਹਨ। ਉਹ ਲੁੱਟ-ਖੋਹ ਦੇ ਇੱਕ ਕੇਸ ਵਿੱਚ ਜ਼ਿਲ੍ਹਾ ਜੇਲ੍ਹ ਵਿੱਚ ਬੰਦ ਸੀ।

ਪੁਲੀਸ ਅਨੁਸਾਰ ਅਦਾਲਤ ਨੇ ਉਸ ਖ਼ਿਲਾਫ਼ ਐਨਡੀਪੀਐਸ ਕੇਸ ਵਿੱਚ ਗ਼ੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਸੀ।

ਇਸ ਮਾਮਲੇ ਵਿੱਚ ਉਸ ਨੂੰ ਸੋਮਵਾਰ ਨੂੰ ਜੇਲ੍ਹ ਤੋਂ ਏਡੀਜੇ 11 ਦੀ ਅਦਾਲਤ ਵਿੱਚ ਪੇਸ਼ ਕੀਤਾ ਜਾਣਾ ਸੀ। ਪੁਲੀਸ ਲਾਈਨ ਵਿੱਚ ਕਾਂਸਟੇਬਲ ਸਤਿਆਮ ਸਿੰਘ ਅਤੇ ਸੰਨੀ ਚੌਧਰੀ ਮੱਥਾ ਨੂੰ ਅਦਾਲਤ ਵਿੱਚ ਪੇਸ਼ ਕਰਨ ਲਈ ਲੈ ਜਾ ਰਹੇ ਸਨ। ਮੌਕਾ ਦੇਖ ਕੇ ਬਦਮਾਸ਼ ਨੇ ਪੁਲਿਸ ਮੁਲਾਜ਼ਮਾਂ ਨੂੰ ਧੱਕਾ ਦੇ ਦਿੱਤਾ ਅਤੇ ਭੀੜ ਦਾ ਫਾਇਦਾ ਉਠਾ ਕੇ ਮੌਕੇ ਤੋਂ ਭੱਜ ਗਿਆ।

ਇਸ ਦੌਰਾਨ ਕੋਤਵਾਲੀ ਪੁਲੀਸ ਨੇ ਮੱਥਾ ਅਤੇ ਦੋ ਕਾਂਸਟੇਬਲਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਪਰਚਾ ਦਰਜ ਕਰ ਲਿਆ ਹੈ। ਇਸ ਤੋਂ ਬਾਅਦ ਪੁਲਿਸ ਕਮਿਸ਼ਨਰ ਨੇ ਦੋਵੇਂ ਕਾਂਸਟੇਬਲਾਂ ਨੂੰ ਮੁਅੱਤਲ ਵੀ ਕਰ ਦਿੱਤਾ।

# 6 ਜਨਵਰੀ ਵਾਲੇ ਦਿਨ 200 ਟਰੈਕਟਰਾਂ ਨਾਲ ਕੱਢਿਆ ਜਾਵੇਗਾ ਟਰੈਕਟਰ ਮਾਰਚ:




ਖਰੜ, ( ਕਾਲਾ ਸਿੰਘ ਸੈਣੀ )-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ ਅਨਾਜ ਮੰਡੀ ਖਰੜ ਵਿਖੇ ਜਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਫੈਸਲਾ ਲਿਆ ਗਿਆ ਕਿ 26 ਜਨਵਰੀ ਵਾਲੇ ਦਿਨ ਟਰੈਕਟਰ ਮਾਰਚ ਦੇ ਵਿੱਚ 200 ਦੇ ਕਰੀਬ ਟਰੈਕਟਰ ਭਾਗੋਮਾਜਰਾ ਟੋਲ ਪਲਾਜਾ ਤੋਂ ਚੱਲਣਗੇ ਜੋ ਕਿ ਖਰੜ ਐਸ.ਡੀ.ਐਮ. ਦਫਤਰ ਤੋਂ ਹੋ ਕੇ ਅਨਾਜ ਮੰਡੀ ਖਰੜ ਵਿਖੇ ਜਾਣਗੇ, ਜਿੱਥੇ ਇਹ ਟਰੈਕਟਰ ਮਾਰਚ ਨੂੰ ਸਮਾਪਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਮੋਹਾਲੀ ਦੀ ਟੀਮ ਡੀ.ਸੀ. ਦਫਤਰ ਮੋਹਾਲੀ ਵਿਖੇ ਜਾਵੇਗੀ ਅਤੇ ਬਨੂੰੜ ਵਾਲੇ ਸਾਥੀ ਬਨੂੰੜ ਵਿੱਚ ਟਰੈਕਟਰ ਮਾਰਚ ਕਰਨਗੇ। ਇਸ ਮੀਟਿੰਗ ਵਿੱਚ ਟਰੈਕਟਰ ਮਾਰਚ ਸਬੰਧੀ ਵੱਖ-ਵੱਖ ਅਹੁਦੇਦਾਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਇਸ ਮੌਕੇ ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆ, ਗੁਰਮੀਤ ਸਿੰਘ ਖੂਨੀਮਾਜਰਾ, ਤੇਜਿੰਦਰ ਸਿੰਘ ਤੇਜੀ, ਅਮਰਿੰਦਰ ਸਿੰਘ, ਜਤਿੰਦਰ ਸਿੰਘ ਜਿੰਦੂ, ਸੰਜੀਵ ਕੁਮਾਰ ਰੂਬੀ ਤੇ ਰਾਜੂ ਭਟੇੜੀ ਹਾਜ਼ਰ ਸਨ।

# ਵੈਕਟਰ ਬੋਰਨ ਡਿਸੀਜ਼ ਕੰਟਰੋਲ ਪ੍ਰੋਗਰਾਮ ਤਹਿਤ ਪੈਰਾ ਮੈਡੀਕਲ ਸਟਾਫ ਦੀ ਟ੍ਰੇਨਿੰਗ




ਫ਼ਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੈਰਾ ਮੈਡੀਕਲ ਸਟਾਫ਼ ਲਈ ਇਕ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਨੈਸ਼ਨਲ ਵੈਕਟਰ ਬੋਰਨ ਡਿਸੀਜ਼ ਕੰਟਰੋਲ ਪ੍ਰੋਗਰਾਮ ਤਹਿਤ ਆਈ.ਡੀ.ਐਸ.ਪੀ.ਵਿੰਗ ਵੱਲੋਂ ਪਾਣੀ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਇਸ ਦੌਰਾਨ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਹਾਜ਼ਰੀਨ ਨੂੰ ਅਪਣਾ ਕੰਮ ਪੂਰੀ ਤਨਦੇਹੀ ਨਾਲ ਕਰਨ ਨੂੰ ਕਿਹਾ ਅਤੇ ਰਿਪੋਰਟਿੰਗ ਸਮੇਂ ਸਿਰ ਕਰਨ ਨੂੰ ਕਿਹਾ। ਉਹਨਾਂ ਇਹ ਵੀ ਨਿਰਦੇਸ਼ ਦਿੱਤੇ ਉਕਤ ਪ੍ਰੋਗਰਾਮ ਤਹਿਤ ਡੇਂਗੂ,ਮਲੇਰੀਆ,ਚਿਕੰਗੁਨੀਆ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਏ ਤੇ ਸਰਕਾਰ ਵੱਲੋਂ ਜਾਰੀ ਗਾਈਡਲਾਈਨਜ਼ ਨੂੰ ਫਾਲੋ ਕੀਤਾ ਜਾਏ। ਇਹੀ ਨਹੀਂ ਇਸ ਮੋਕੇ ਕਾਲੇ ਪੀਲੀਏ ਦੇ ਕਾਰਨ, ਲੱਛਣ ਅਤੇ ਬਚਾਅ ਬਾਰੇ ਜਾਗਰੂਕ ਕੀਤਾ ਗਿਆ। ਹਾਜ਼ਰੀਨ ਨੂੰ ਆਨਲਾਈਨ ਰਿਪੋਰਟਿੰਗ, ਵੱਖ-ਵੱਖ ਪੋਰਟਲ ਨੂੰ ਅਪਡੇਟ ਕਰਨ ਡੀ ਜਾਣਕਾਰੀ ਵੀ ਦਿੱਤੀ ਗਈ। ਜਿਲਾ ਸਿਹਤ ਅਫਸਰ ਡਾ.ਰਾਜੀਵ ਪ੍ਰਾਸ਼ਰ ਨੇ ਇਸ ਮੌਕੇ ਤੇ ਦਸਿਆ ਕਿ ਉਕਤ ਬਿਮਾਰੀਆਂ ਦਾ ਇਲਾਜ ਸਰਕਾਰੀ ਸਿਹਤ ਕੇਂਦਰਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਜਿਲਾ ਐਪੀਡੀਮੋਲੋਜਿਸਟ ਡਾ. ਨਵਪ੍ਰੀਤ ਕੌਰ ਨੇ ਵੀ ਸੰਬੋਧਨ ਕੀਤਾ ਤੇ ਹਾਜ਼ਰੀਨ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਤੇ ਸਹਾਇਕ ਸਿਵਲ ਸਰਜਨ ਕਪੂਰਥਲਾ ਡਾਕਟਰ ਅਨੂੰ ਸ਼ਰਮਾ,ਜਿਲਾ ਟੀਕਾਕਰਨ ਅਫ਼ਸਰ ਡਾਕਟਰ ਰਣਦੀਪ ਸਿੰਘ, ਡਾਕਟਰ ਰਾਜੀਵ ਭਗਤ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ ਸੁਖਦਿਆਲ ਸਿੰਘ, ਸੁਪਰਡੈਂਟ ਰਾਮ ਅਵਤਾਰ,ਸੁਪਰਡੈਂਟ ਨਿਰਮਲ ਸਿੰਘ, ਫਾਰਮੇਸੀ ਅਫ਼ਸਰ ਸਿਮਰਨ ਸਿੰਘ,ਐਮ.ਐਂਡ.ਈ.ਓ.ਰਾਮ ਸਿੰਘ,ਬੀ.ਸੀ. ਸੀ.ਜ਼ੋਤੀ ਅਨੰਦ,ਬੀ.ਈ.ਈ.ਰਵਿੰਦਰ ਜੱਸਲ,ਐਸ.ਆਈ.ਗੁਰਵੀਰ ਸਿੰਘ ਅਤੇ ਵੱਖ-ਵੱਖ ਬਲਾਕਾਂ ਤੋਂ ਆਏ ਸੀ.ਐਚ.ਓਜ਼.ਆਦਿ ਵੀ ਹਾਜ਼ਰ ਸਨ।

# ਐਸ ਐਸ ਐਮ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਦਾਇਗੀ ਪਾਰਟੀ ਦਾ ਆਯੋਜਨ



ਦੀਨਾਨਗਰ, (ਡਾ ਰਮੇਸ਼ ਸਰੰਗਲ ):-ਐੱਸ. ਐੱਸ ਐਮ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੀਨਾਨਗਰ ਵਿਖੇ ਪ੍ਰਿੰਸੀਪਲ. ਡਾ: ਆਰ. ਕੇ. ਤੁਲੀ ਦੀ ਪ੍ਰਧਾਨਗੀ ਹੇਠ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਦਾਇਗੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਡਾ. ਆਰ.ਕੇ.ਤੁਲੀ ਮੌਜੂਦ ਸਨ । ਪ੍ਰਿੰਸੀਪਲ ਨੇ ਸ਼ਮ੍ਹਾਂ ਰੌਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਅਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅਨੁਸ਼ਾਸਨ, ਸਖ਼ਤ ਮਿਹਨਤ, ਟੀਚਾ ਮਿੱਥਣਾ ਅਤੇ ਨਿਰੰਤਰ ਅਭਿਆਸ ਹੀ ਸਫਲਤਾ ਦੀਆਂ ਪੌੜੀਆਂ ਹਨ । ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰ ਕੇ ਸਟਾਫ ਅਤੇ ਵਿਦਿਆਰਥੀਆਂ ਦਾ ਮਨੋਰੰਜਨ ਕੀਤਾ ਅਤੇ ਯਾਦਗਾਰੀ ਚਿੰਨ੍ਹ ਵੀ ਭੇਟ ਕੀਤੇ। ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਮਾਡਲਿੰਗ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਗੁਰਲੀਨ (+2 ਨਾਨ ਮੈਡੀਕਲ) ਨੂੰ ਮਿਸ ਵਿਦਾਇਗੀ, ਗੁਰਸ਼ਾਂਤ ਸਾਰੰਗਲ (+2 ਆਰਟਸ) ਨੂੰ ਮਿਸਟਰ ਫੇਯਰਵੈੱਲ, ਰਾਜਵਿੰਦਰ ਕੌਰ (+2 ਆਰਟਸ) ਨੂੰ ਮਿਸ ਬਿਊਟੀਫੁੱਲ, ਮਨਵੀਰ (+2 ਆਰਟਸ) ਨੂੰ ਮਿਸਟਰ ਹੈਂਡਸਮ ਚੁਣਿਆ ਗਿਆ। ਇਸ ਮੌਕੇ ਸਕੂਲ ਇੰਚਾਰਜ ਪ੍ਰੋ. ਅਮਰਪ੍ਰੀਤ ਕੌਰ, ਪ੍ਰੋ. ਰਜਤ ਮਹਾਜਨ, ਪ੍ਰੋ. ਮਨਜੀਤ ਕੁਮਾਰੀ, ਪ੍ਰੋ. ਰੇਨੂੰ ਸਲਾਰੀਆ, ਪ੍ਰੋ. ਰਕਸ਼ੰਦਾ, ਪ੍ਰੋ. ਰਵਨੀਤ ਕੌਰ, ਪ੍ਰੋ. ਕਾਜਲ, ਪ੍ਰੋ. ਸਾਜਨ ਬੇਦੀ, ਪ੍ਰੋ. ਰਜਨੀ, ਪ੍ਰੋ. ਅਨੂ ਹਾਜ਼ਰ ਸਨ।

# ਐਡਵੋਕੇਟ ਸਵੀਟੀ ਦੀ ਅਚਨਚੇਤ ਮੌਤ ਤੇ ਬਾਰ ਐਸੋਸੀਏਸ਼ਨ,ਸਮਾਜਿਕ ਅਤੇ ਰਾਜਨੀਤਿਕ ਲੋਕਾਂ ਨੇ ਕੀਤਾ ਦੁੱਖ ਸਾਂਝਾ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸੁੱਖ ਦੁੱਖ ਦੀ ਭਾਈਵਾਲ ਰਹਿਣ ਵਾਲੀ,ਹਰਮਨ ਪਿਆਰੇ ਅਤੇ ਹਸਮੁਖ ਐਡਵੋਕੇਟ ਸਵੀਟੀ ਪਤਨੀ ਰਾਜ ਬਰਿੰਦਰ ਸਿੰਘ ਦੀ ਅਚਨਚੇਤ ਮੌਤ ਉਪਰੰਤ ਬਾਰ ਐਸੋਸੀਏਸ਼ਨ ਦੇ ਅਹੁਦੇਦਾਰ, ਵਕੀਲ ਸਾਥੀਆਂ ਸਮੇਤ ਸਮਾਜਿਕ ਅਤੇ ਰਾਜਨੀਤਿਕ ਹਸਤੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ। ਉਹਨਾਂ ਦੀ ਮੌਤ ਤੇ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਦੀਪ ਸੈਣੀ,ਸੈਕਟਰੀ ਸਨਪ੍ਰੀਤ ਸਿੰਘ ਮਾਨ,ਮੀਤ ਪ੍ਰਧਾਨ ਮਨੀਸ਼ ਦੇਵਗਨ,ਸਾਬਕਾ ਕੈਬਨਿਟ ਮੰਤਰੀ ਅਨਿਲ ਜੋਸ਼ੀ,ਭਾਜਪਾ ਕੌਂਸਲਰ ਅਮਨ ਐਰੀ,ਆਪ ਦੇ ਨੇਤਾ ਅੰਕੁਰ ਗੁਪਤਾ,ਕਾਂਗਰਸ ਦੇ ਨੇਤਾ ਸੰਦੀਪ ਸ਼ਾਹ ਸਮੇਤ ਰਿਸ਼ਤੇਦਾਰਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਮ੍ਰਿਤਕਾਂ ਦੇ ਪਤੀ ਰਾਜ ਬਰਿੰਦਰ ਸਿੰਘ ਅਤੇ ਸਸੁਰ ਜਗਤਾਰ ਸਿੰਘ ਕਰਮਪੁਰਾ ਸਮੇਤ ਪਰਿਵਾਰਿਕ ਮੈਂਬਰਾਂ ਦੇ ਨਾਲ ਦੁੱਖ ਸਾਂਝਾ ਕਰਦੇ ਹੋਏ ਮ੍ਰਿਤਕਾ ਦੀ ਆਤਮਿਕ ਸ਼ਾਂਤੀ ਦੇ ਕਾਮਨਾ ਕਰਦਿਆਂ ਔਖੀ ਘੜੀ ਦੇ ਵਿੱਚ ਹੌਸਲਾ ਰੱਖਣ ਅਤੇ ਗੁਰਬਾਣੀ ਸਰਵਣ ਕਰਨ ਲਈ ਕਿਹਾ। ਮ੍ਰਿਤਕ ਐਡਵੋਕੇਟ ਸਵੀਟੀ ਦੇ ਪਤੀ ਰਾਜ ਬਰਿੰਦਰ ਸਿੰਘ ਨੇ ਦੱਸਿਆ ਕਿ ਕਿ ਉਹਨਾਂ ਦੀ ਸਿਰਫ



11 ਸਾਲਾ ਇੱਕ ਹਸਰਤ ਰਾਜ ਬੇਟੀ ਹੈ। ਜਿਸ ਵੱਲੋਂ ਆਪਣੀ ਮਾਤਾ ਨੂੰ ਅਗਨ ਭੇਟ ਕੀਤੀ ਗਈ। ਉਹਨਾਂ ਨੇ ਕਿਹਾ ਕਿ ਮ੍ਰਿਕਾ ਐਡਵੋਕੇਟ ਸਵੀਟੀ ਦੀ ਆਤਮਿਕ ਸ਼ਾਂਤੀ ਲਈ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਆਤਮਿਕ ਸ਼ਾਂਤੀ ਦੀ ਕਾਮਨਾ ਕਰਦੇ ਹੋਏ ਗੁਰਦੁਆਰਾ ਵਿਦਿਆ ਸਾਗਰ ਮੈਟਲ ਹਸਪਤਾਲ,ਅੰਮ੍ਰਿਤਸਰ ਵਿਖੇ ਅੰਤਿਮ ਅਰਦਾਸ 25 ਜਨਵਰੀ 2025 ਨੂੰ ਦੁਪਹਿਰ 1 ਤੋਂ 2 ਵਜੇ ਕੀਤੀ ਜਾਵੇਗੀ।

# ਨਥਿੰਗ ਲਾਇਕ ਵੋਟਿੰਗ, ਆਈ ਵੋਟ ਫੋਰ ਸ਼ੋਅਰ ਦੇ ਸਲੋਗਨ ਹੇਠ ਸਥਾਨਕ ਇਸਲਾਮੀਆਂ ਗਰਲਜ ਕਾਲਜ ਵਿਖੇ 15ਵਾਂ ਰਾਸ਼ਟਰੀ ਵੋਟਰ ਦਿਵਸ ਪੂਰੇ ਉਤਸ਼ਾਹ ਨਾਲ 25 ਜਨਵਰੀ ਨੂੰ ਮਨਾਇਆ ਜਾਵੇਗਾ-


ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾ ਰਿਹਾ ਹੈ। ਇਸ ਸਾਲ ਦਾ 15ਵਾਂ ਰਾਸ਼ਟਰੀ ਵੋਟਰ ਦਿਵਸ ਨਥਿੰਗ ਲਾਈਕ ਵੋਟਿੰਗ, ਆਈ ਵੋਟ ਫਾਰ ਸ਼ੋਅਰ ਦੇ ਸਲੋਗਨ ਹੇਠ ਜ਼ਿਲ੍ਹਾ ਪੱਧਰ ਤੇ ਸਥਾਨਕ ਇਸਲਾਮੀਆਂ ਗਰਲਜ ਕਾਲਜ ਵਿਖੇ ਮਨਾਇਆ ਜਾਵੇਗਾ। ਵੋਟਰ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਦੀ ਪ੍ਰਧਾਨਗੀ ਹੇਠ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ



ਚੋਣ ਤਹਿਸ਼ੀਲਦਾਰ ਬ੍ਰਿਜ ਮੋਹਨ ਨੇ ਦੱਸਿਆ ਕਿ ਜ਼ਿਲ੍ਹਾ ਵਿੱਚ ਵੋਟਰ ਸੂਚੀ ਦੀ ਸੁਧਾਈ ਯੋਗਤਾ ਮਿਤੀ 01.01.2025 ਅਨੁਸਾਰ 18-19 ਸਾਲ ਜੋ 4532 ਵੋਟਰ ਰਜਿਸਟਰ ਹੋਏ ਹਨ, ਉਨ੍ਹਾਂ ਨੂੰ ਵੋਟਰ ਵੋਟਰ ਦਿਵਸ ਵਾਲੇ ਦਿਨ ਫ਼ੋਟੋ ਵੋਟਰ ਸ਼ਨਾਖ਼ਤੀ ਕਾਰਡ ਵੰਡੇ ਜਾਣਗੇ। ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਇਹ ਵੋਟਰ ਦਿਵਸ ਆਪਣੇ ਹਲਕੇ/ਤਹਿਸੀਲ ਪੱਧਰ ਤੇ ਮਨਾਇਆ ਜਾਵੇਗਾ। ਜ਼ਿਲ੍ਹੇ ਦੇ ਵਿੱਚ ਤਾਇਨਾਤ ਸਮੁੱਚੇ ਬੀ.ਐਲ.ਓਜ ਵੱਲੋਂ ਆਪੋ-ਆਪਣੇ ਪੋਲਿੰਗ ਸਟੇਸ਼ਨ ਤੇ ਨਵੇਂ ਬਣੇ ਵੋਟਰਾਂ ਨੂੰ ਸ਼ਨਾਖ਼ਤੀ ਕਾਰਡ ਵੰਡ ਕੇ ਅਤੇ ਸਹੁੰ ਚੁਕਵਾ ਕੇ ਵੋਟਰ ਦਿਵਸ ਮਨਾਇਆ ਜਾਵੇਗਾ।

ਉਨ੍ਹਾਂ ਨੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਵਾਲੇ ਦਿਨ ਵੋਟਰਾਂ ਨੂੰ ਵੋਟ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਜਾਵੇਗਾ ਅਤੇ ਨਵੇਂ ਬਣੇ ਵੋਟਰਾਂ ਨੂੰ ਫੋਟੋ ਵੋਟਰ ਸ਼ਨਾਖਤੀ ਕਾਰਡ ਵੀ ਵੰਡੇ ਜਾਣਗੇ। ਇਸ ਤੋਂ ਇਲਾਵਾ ਸਵੀਪ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲੇ ਈ.ਆਰ.ਓ, ਬੀ.ਐਲ.ਓ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਅਤੇ ਵੋਟਰ ਜਾਗਰੂਕਤਾ ਸਬੰਧੀ ਸਕੂਲਾਂ/ਕਾਲਜਾਂ/ਸੰਸਥਾ ਦੇ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾਵਾਂ ਆਦਿ ਦੇ ਮੁਕਬਾਲੇ ਕਰਵਾਏ ਜਾਣਗੇ।

# ਜਿਲ੍ਹਾ ਮੈਜਿਸਟਰੇਟ ਵੱਲੋਂ ਮਾਲੇਰਕੋਟਲਾ ਜਿਲ੍ਹੇ ਦੀ ਹਦੂਦ ਅੰਦਰ ਡਰੋਨ ਉਡਾਉਣ ਤੇ ਪਾਬੰਦੀ ਦੇ ਹੁਕਮ



ਮਾਲੇਰਕੋਟਲਾ -(ਕਿੰਮੀ ਅਰੋੜਾ,ਅਸਲਮ ਨਾਜ਼) ਜਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸਨਰ ਡਾ. ਪੱਲਵੀ ਨੇ ਮਾਲੇਰਕੋਟਲਾ ਜਿਲ੍ਹੇ ਦੀ ਹਦੂਦ ਅੰਦਰ ਕਿਸੇ ਵੀ ਤਰ੍ਹਾਂ ਦਾ ਡਰੋਨ ਉਡਾਉਣ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸਨਰ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ (ਬੀ.ਐਨ.ਐਸ.ਐਸ) 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਿਲ੍ਹਾ ਮਾਲੇਰਕੋਟਲਾ ਅੰਦਰ ਕਿਸੇ ਵੀ ਤਰ੍ਹਾਂ ਦਾ ਆਦਮੀ ਰਹਿਤ ਹਵਾਈ ਵਾਹਨ ਜਾਂ ਡਰੋਨ, ਰਿਮੋਟ ਕੰਟਰੋਲ ਚੱਲਤ ਏਅਰ ਕਰਾਫਟ ਅਤੇ ਗਰਮ ਹਵਾਂ ਦੇ ਗੁਬਾਰਿਆਂ ਨੂੰ ਉਡਾਉਣ ਦੀ ਪੂਰਨ ਪਾਬੰਦੀ ਲਗਾਈ ਹੈ।

ਇਹ ਹੁਕਮ ਸੁਰੱਖਿਆ ਕਾਰਨਾਂ ਕਰਕੇ ਗਣਤੰਤਰ ਦਿਵਸ ਸਮਾਰੋਹ ਦੇ ਮੱਦੇਨਜਰ ਜਾਰੀ ਕੀਤੇ ਗਏ ਹਨ। ਇਹ ਹੁਕਮ 26 ਜਨਵਰੀ 2025 ਤੱਕ ਲਾਗੂ ਰਹਿਣਗੇ। ਇਨ੍ਹਾਂ ਹੁਕਮਾਂ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਕਰਨ ਵਾਲੇ ਖਿਲਾਫ ਭਾਰਤੀ ਨਿਯਾ ਸੰਹਿਤਾ ਕੋਡ ਦੀ ਧਾਰਾ 223 ਤਹਿਤ ਸਜਾ ਯੋਗ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਦੂਜੀ ਕਿਸ਼ਤ ਵਜੋਂ 5000 ਰੁਪਏ ਰਿਸ਼ਵਤ ਲੈਂਦਾ ਪੀ.ਐਸ.ਪੀ.ਸੀ.ਐਲ. ਦਾ ਜੇ.ਈ. ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ/ਲੁਧਿਆਣਾ :ਜਨਵਰੀ (ਲੋਕ ਬਾਣੀ ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚੱਲ ਰਹੀ ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ ਤਹਿਤ ਲੁਧਿਆਣਾ ਦੇ ਚੀਮਾ ਚੌਕ ਸਥਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦਫ਼ਤਰ ਵਿਖੇ ਤਾਇਨਾਤ ਜੂਨੀਅਰ ਇੰਜੀਨੀਅਰ (ਜੇ.ਈ.) ਕੁਲਦੀਪ ਸਿੰਘ ਨੂੰ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 5000 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਲੁਧਿਆਣਾ ਸ਼ਹਿਰ ਦੇ ਸ਼ਿੰਗਾਰ ਰੋਡ ਸਥਿਤ ਰਾਮ ਨਗਰ ਦੇ ਵਸਨੀਕ ਜਸਵਿੰਦਰ ਪਾਲ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਮੁਲਜ਼ਮ ਜੇ.ਈ. ਨੇ ਉਸਦੀ ਚਾਹ ਦੀ ਦੁਕਾਨ 'ਤੇ ਨਵਾਂ ਬਿਜਲੀ ਮੀਟਰ ਲਗਾਉਣ ਲਈ 36000 ਰੁਪਏ ਰਿਸ਼ਵਤ ਮੰਗੀ, ਪਰ ਸੌਦਾ 15000 ਰੁਪਏ ਵਿੱਚ ਤੈਅ ਹੋ ਗਿਆ। ਸ਼ਿਕਾਇਤ ਵਿੱਚ ਅੱਗੇ ਦੱਸਿਆ ਗਿਆ ਹੈ ਕਿ ਉਕਤ ਜੇ.ਈ. ਨੇ ਪਹਿਲੀ ਕਿਸ਼ਤ ਵਜੋਂ 10000 ਰੁਪਏ ਰਿਸ਼ਵਤ ਪਹਿਲਾਂ ਹੀ ਲੈ ਲਈ ਸੀ ,ਪਰ ਫਿਰ ਵੀ ਮੀਟਰ ਨਹੀਂ ਲਗਾਇਆ ਗਿਆ ਅਤੇ ਹੁਣ ਉਹ ਬਾਕੀ 5000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ।ਬੁਲਾਰੇ ਨੇ ਅੱਗੇ ਕਿਹਾ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਲੁਧਿਆਣਾ ਯੂਨਿਟ ਦੀ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਮੁਲਜ਼ਮ ਜੇ.ਈ. ਨੂੰ ਉਸਦੇ ਦਫਤਰ ਤੋਂ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 5000 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਲੁਧਿਆਣਾ ਰੇਂਜ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਦੋਸ਼ੀ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਹੋਰ ਜਾਂਚ ਜਾਰੀ ਹੈ।



# ਤ੍ਰੈਭਾਸ਼ੀ ਸਾਹਿਤ ਮੰਚ ਚੰਡੀਗੜ੍ਹ ਨੇ ਡਾ. ਵਿਨੋਦ ਸ਼ਰਮਾ ਨੂੰ ਸਨਮਾਨਿਤ ਕੀਤਾ



ਚੰਡੀਗੜ੍ਹ। (ਲੋਕ ਬਾਣੀ ) ਤ੍ਰਿਭਾਸ਼ੀ ਸਾਹਿਤ ਮੰਚ ਚੰਡੀਗੜ੍ਹ ਵੱਲੋਂ ਤ੍ਰਿਭਾਸ਼ੀ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਸੈਣੀ ਭਵਨ, ਸੈਕਟਰ 24, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਕ੍ਰਿਸ਼ਨਾ ਗੋਇਲ, ਸਾਬਕਾ ਸੰਯੁਕਤ ਰਜਿਸਟਰਾਰ, ਆਰਮਡ ਫੋਰਸਿਜ਼ ਟ੍ਰਿਬਿਊਨਲ, ਚੰਡੀਗੜ੍ਹ ਨੇ ਸ਼ਿਰਕਤ ਕੀਤੀ। ਪ੍ਰਸਿੱਧ ਲੇਖਕ ਅਤੇ ਪੱਤਰਕਾਰ ਪ੍ਰੇਮ ਵਿਜ ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਸਨ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਤ੍ਰਿਭਾਸ਼ੀ ਸਾਹਿਤ ਮੰਚ ਚੰਡੀਗੜ੍ਹ ਦੇ ਪ੍ਰਧਾਨ ਬਹਾਦਰ ਸਿੰਘ ਗੋਸਲ ਨੇ ਕੀਤੀ। ਡਾ. ਵਿਨੋਦ ਸ਼ਰਮਾ, ਪ੍ਰਸਿੱਧ ਸਾਹਿਤਕਾਰ ਅਤੇ ਪੱਤਰਕਾਰ ਅਤੇ ਪ੍ਰਸਿੱਧ ਲੇਖਕ ਭੁਪਿੰਦਰ ਮਲਿਕ ਨੂੰ ਸਾਹਿਤਕ ਖੇਤਰ ਵਿੱਚ ਉਨ੍ਹਾਂ ਦੇ ਸ਼ਲਾਘਾਯੋਗ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਹਾਦਰ ਸਿੰਘ ਗੋਸਲ, ਜਗਤਾਰ ਸਿੰਘ ਜੋਗ, ਪ੍ਰੇਮ ਵਿਜ, ਕ੍ਰਿਸ਼ਨਾ ਗੋਇਲ, ਅਵਤਾਰ ਸਿੰਘ ਮਹਿਤਪੁਰੀ, ਕੰਚਨ ਭੱਲਾ, ਪ੍ਰੋ: ਗੁਰਜੋਧ ਕੌਰ, ਡਾ: ਸੰਗੀਤਾ ਸ਼ਰਮਾ ਕੁੰਦਰਾ, ਕਵੀ ਭੱਟੀ, ਨੀਲਮਣੀ ਨਾਰੰਗੀ, ਭੁਪਿੰਦਰ ਭਾਗੋਮਾਜਰੀਆ, ਬਲਜਿੰਦਰ ਕੌਰ ਸ਼ੇਰਗਿੱਲ, ਅਮਰਜੀਤ ਬਠਲਾਣਾ, ਰਾਜਿੰਦਰ ਧੀਮਾਨ, ਜਸਪਾਲ ਸਿੰਘ ਕੰਵਲ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਵਡਨਗਰ ਵਿੱਚ ਪੈਦਾ ਹੋਏ ਇੱਕ ਆਮ ਮੁੰਡੇ ਤੋਂ ਲੈ ਕੇ ਵਿਸ਼ਵ ਨੇਤਾ ਬਣਨ ਤੱਕ ਮੋਦੀ ਜੀ ਦਾ ਸਫ਼ਰ ਦੇਸ਼ ਅਤੇ ਦੁਨੀਆ ਦੇ ਵਿਦਿਆਰਥੀਆਂ ਲਈ ਅਧਿਐਨ ਦਾ ਵਿਸ਼ਾ ਬਣੇਗਾ: ਅਮਿਤ ਸ਼ਾਹ

ਲੁਧਿਆਣਾ/ਜਲੰਧਰ (ਲੋਕ ਬਾਣੀ ): ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਤੇ ਸੀਨੀਅਰ ਭਾਜਪਾ ਨੇਤਾ ਅਮਿਤ ਸ਼ਾਹ ਨੇ ਗੁਜਰਾਤ ਦੇ ਵਡਨਗਰ ਵਿੱਚ ਅਤਿ-ਆਧੁਨਿਕ ਪੁਰਾਤੱਤਵ ਅਜਾਇਬ ਘਰ ਦਾ ਉਦਘਾਟਨ ਕਰਦੇ ਹੋਏ ਦੁਨੀਆ ਨੂੰ ਇਹ ਸੰਦੇਸ਼ ਦਿੱਤਾ, ਵਡਨਗਰ ਵਿੱਚ ਪੈਦਾ ਹੋਏ ਇੱਕ ਆਮ ਮੁੰਡੇ ਤੋਂ ਲੈ ਕੇ ਵਿਸ਼ਵ ਨੇਤਾ ਬਣਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯਾਤਰਾ ਆਉਣ ਵਾਲੇ ਸਮੇਂ ਵਿੱਚ ਦੇਸ਼ ਅਤੇ ਦੁਨੀਆ ਦੇ ਵਿਦਿਆਰਥੀਆਂ ਲਈ ਅਧਿਐਨ ਦਾ ਵਿਸ਼ਾ ਬਣੇਗੀ। ਇੱਕ ਗਰੀਬ ਮਾਂ ਅਤੇ ਚਾਹ ਵੇਚਣ ਵਾਲੇ ਪਿਤਾ ਦੇ ਪੁੱਤਰ ਨਰਿੰਦਰ ਮੋਦੀ, ਜਿਨ੍ਹਾਂ ਨੇ ਆਪਣਾ ਬਚਪਨ ਗਰੀਬੀ ਨਾਲ ਭਰਿਆ ਸ਼ੁਰੂ ਕੀਤਾ ਸੀ, ਅੱਜ ਇੱਕ ਵਿਸ਼ਵ ਨੇਤਾ ਬਣ ਗਏ ਹਨ ਅਤੇ ਦੁਨੀਆ ਦਾ ਮਾਰਗਦਰਸ਼ਨ ਕਰ ਰਹੇ ਹਨ। ਇਹ ਅਜਾਇਬ ਘਰ ਨਾ ਸਿਰਫ਼ ਪੁਰਾਤਨਤਾ ਦਾ ਵਿਚਾਰ ਦਿੰਦਾ ਹੈ ਵਡਨਗਰ, ਪਰ ਹਰ ਸਮੇਂ ਦੌਰਾਨ ਵਡਨਗਰ ਵਿੱਚ ਪ੍ਰਚਲਿਤ ਸੱਭਿਆਚਾਰ ਵੀ। ਇਹ ਵਪਾਰ, ਨਗਰ ਯੋਜਨਾਬੰਦੀ, ਸਿੱਖਿਆ ਅਤੇ ਸ਼ਾਸਨ ਦੇ ਯੋਗਦਾਨ ਨੂੰ ਵੀ ਦਰਸਾਉਂਦਾ ਹੈ। ਅੱਜ ਪੂਰੀ ਦੁਨੀਆ ਨਰਿੰਦਰ ਮੋਦੀ ਦੇ ਨਕਸ਼ੇ-ਕਦਮਾਂ ਤੇ ਚੱਲ ਰਹੀ ਹੈ, ਜਿਨ੍ਹਾਂ ਨੇ ਆਪਣੇ ਜਨਮ ਸਥਾਨ ਵਡਨਗਰ ਦੇ ਨਾਲ-ਨਾਲ ਗੁਜਰਾਤ ਅਤੇ ਪੂਰੇ ਦੇਸ਼ ਨੂੰ ਇੱਕ ਨਵੀਂ ਪਛਾਣ ਦਿੱਤੀ। ਅਜਿਹੀ ਸਥਿਤੀ ਵਿੱਚ, ਇਹ ਮੰਨ ਲੈਣਾ ਚਾਹੀਦਾ ਹੈ ਕਿ ਜਦੋਂ ਭਵਿੱਖ ਵਿੱਚ ਇਤਿਹਾਸ ਲਿਖਿਆ ਜਾਵੇਗਾ ਤਾਂ ਵਡਨਗਰ ਨੂੰ ਮੋਦੀ ਜੀ ਦੇ ਜਨਮ ਸਥਾਨ ਵਜੋਂ ਜ਼ਰੂਰ ਯਾਦ ਕੀਤਾ ਜਾਵੇਗਾ।



# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ ਪੰਜਾਬ ਦੀ ਵਿਰਸਾਤ ਨੂੰ ਦਰਸਾਉਂਦਾ ਕੈਲੰਡਰ ਰਿਲੀਜ਼

ਅੰਮ੍ਰਿਤਸਰ, (ਲੋਕ ਬਾਣੀ ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਇਕ ਮਹੱਤਵਪੂਰਨ ਸਮਾਗਮ ਵਿੱਚ, ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ, ਐਡਵੋਕੇਟ ਅਤੇ ਹੈਰੀਟੇਜ ਪ੍ਰਮੋਟਰ ਦੁਆਰਾ ਤਿਆਰ ਸਚਿੱਤਰ ਕੈਲੰਡਰ ਅਤੇ ਡਾਕੂਮੈਂਟਰੀ ਪੰਜਾਬ ਦੀ ਵਿਰਸਾਤ ਦੇ ਇਤਿਹਾਸਿਕ ਨਿਸ਼ਾਨ ਚਿਨ੍ਹ ਜਾਰੀ ਕੀਤੀ ਜੋ ਪੰਜਾਬ ਦੀ ਪੁਰਾਤਨ ਵਿਰਾਸਤ ਅਤੇ ਇਤਿਹਾਸਕ ਖੂਬਸੂਰਤੀ ਨੂੰ ਸੁਚੱਜੇ ਢੰਗ ਨਾਲ ਦਰਸਾਉਂਦੀ ਹੈ।



ਸਮਾਗਮ ਦੌਰਾਨ, ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਹਰਪ੍ਰੀਤ ਸੰਧੂ ਵੱਲੋਂ ਕੀਤੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ, ਅਤੇ ਕਿਹਾ ਕਿ ਇਹ ਕਾਰਜ ਪੰਜਾਬ ਦੇ ਇਤਿਹਾਸਕ ਵਿਰਾਸਤੀ ਸਮਾਰਕਾਂ ਨੂੰ ਪ੍ਰਚਾਰਤ ਕਰਨ ਅਤੇ ਉਨ੍ਹਾਂ ਦੀ ਮਹੱਤਤਾ ਦਰਸਾਉਣ ਵਿੱਚ ਅਹਿਮ ਯੋਗਦਾਨ ਪਵੇਗੀ। ਉਨ੍ਹਾਂ ਨੇ ਹਰਪ੍ਰੀਤ ਸੰਧੂ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਤਿੰਨ ਮਹੱਤਵਪੂਰਨ ਵਿਰਾਸਤੀ ਸਮਾਰਕਾਂ - ਪੂਲ ਮੋਰਾਂ, ਜੋ ਇਤਿਹਾਸਕ ਅਤੇ ਆਰਕੀਟੈਕਚਰਲ ਸ਼ਾਨ ਦਾ ਪ੍ਰਤੀਕ ਹੈ, ਟਾਊਨ ਹਾਲ ਵਿਰਾਸਤ ਦਾ ਯਾਦਗਾਰ ਹੈ, ਅਤੇ 126 ਸਾਲ ਪੁਰਾਣੀ ਖਾਲਸਾ ਕਾਲਜ ਅੰਮ੍ਰਿਤਸਰ ਦੀ ਇਮਾਰਤ, ਜੋ ਇੰਡੋ-ਸਰਸੈਨਿਕ ਸ਼ੈਲੀ ਦਾ ਸ਼ਾਨਦਾਰ ਨਮੂਨਾ ਹੈ, ਨੂੰ ਉਜਾਗਰ ਕਰਨ ਲਈ ਧੰਨਵਾਦ ਪ੍ਰਗਟ ਕੀਤਾ।

ਪ੍ਰੋ. ਕਰਮਜੀਤ ਸਿੰਘ ਨੇ ਇਸ ਪ੍ਰੋਜੈਕਟ ਨੂੰ ਪੰਜਾਬ ਦੀ ਇਤਿਹਾਸਕ ਵਿਰਾਸਤ ਦਾ ਖਜ਼ਾਨਾ ਕਿਹਾ ਅਤੇ ਇਸ ਦੀ ਮਹੱਤਤਾ ਨੂੰ ਪੰਜਾਬ ਦੇ ਨਾਗਰਿਕਾਂ ਨੂੰ ਖਾਸ ਤੌਰ ਤੇ ਨੌਜਵਾਨ ਪੀੜ੍ਹੀ ਨੂੰ ਜੁੜਨ ਦੇ ਯਤਨ ਵਜੋਂ ਦਰਸਾਇਆ। ਉਨ੍ਹਾਂ ਕਿਹਾ, ਹਰਪ੍ਰੀਤ ਸੰਧੂ ਦਾ ਇਹ ਵਿਲੱਖਣ ਯਤਨ ਵਿਰਾਸਤੀ ਸਥਾਨਾਂ ਦੀ ਦਸਤਾਵੇਜ਼ਬੰਦੀ ਕਰਕੇ ਪੰਜਾਬ ਦੀ ਸੱਭਿਆਚਾਰਕ ਜੜ੍ਹਾਂ ਲਈ ਸਨਮਾਨ ਅਤੇ ਆਦਰ ਜਗਾਉਣ ਲਈ ਇੱਕ ਮਹੱਤਵਪੂਰਨ ਕਦਮ ਹੈ।' ਚਿੱਤਰਾਤਮਕ ਕੈਲੰਡਰ ਅਤੇ ਡਾਕੂਮੈਂਟਰੀ ਨੂੰ ਪੰਜਾਬ ਦੇ ਲੋਕਾਂ ਨੂੰ ਆਪਣੇ ਇਤਿਹਾਸਕ ਖਜ਼ਾਨਿਆਂ ਨੂੰ ਸਨਮਾਨ ਦੇਣ ਅਤੇ ਸੁਰੱਖਿਅਤ ਕਰਨ ਲਈ ਪ੍ਰੇਰਿਤ ਕਰਨ ਦੇ ਇੱਕ ਸਾਧਨ ਵਜੋਂ ਦੇਖਿਆ ਗਿਆ।

ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰ ਡਾਕਟਰ ਕਰਨਜੀਤ ਸਿੰਘ ,ਡਾ. ਪ੍ਰੀਤ ਮਹਿੰਦਰ ਸਿੰਘ ਬੇਦੀ, ਡੀਨ, ਵਿਭਾਗਾਂ ਦੇ ਮੁਖੀ ਅਤੇ ਫੈਕਲਟੀ ਮੈਂਬਰ ਸ਼ਾਮਲ ਸਨ। ਇਸ ਤੋਂ ਉਪਰੰਤ ਹਰਪ੍ਰੀਤ ਸਿੰਘ ਸੰਧੂ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੂੰ ਉਕਤ ਕੈਲੰਡਰ ਭੇਟ ਕੀਤਾ। ਜਿੰਨਾ ਨੇ ਹਰਪ੍ਰੀਤ ਸਿੰਘ ਸੰਧੂ ਦੇ ਉਦਮ ਦੀ ਸਰਾਹਨਾ ਕੀਤੀ।

# ਡਿਪਟੀ ਕਮਿਸ਼ਨਰ ਵੱਲੋਂ ਪੈਟਰੋਲ ਪੰਪਾਂ ’ਤੇ ਬੁਨਿਆਦੀ ਸਹੂਲਤਾਂ ਤੇ ਸਾਫ਼-ਸਫ਼ਾਈ ਯਕੀਨੀ ਬਣਾਉਣ ਦੇ ਨਿਰਦੇਸ਼*

ਜਲੰਧਰ, 21 ਜਨਵਰੀ : (ਲੋਕ ਬਾਣੀ ) ਸਫਾਈ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫ਼ਸਰ ਜਲੰਧਰ ਨੂੰ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਸਾਰੇ ਪੈਟਰੋਲ ਪੰਪਾਂ (ਫਿਊਲ ਸਟੇਸ਼ਨਾਂ) ਦੀ ਜਾਂਚ ਕਰਨ, ਉਚਿਤ ਰੱਖ-ਰਖਾਅ ਅਤੇ ਸਫਾਈ ਨੂੰ ਯਕੀਨੀ ਬਣਾਉਣ ਲਈ ਤੁਰੰਤ ਅਸਰਦਾਰ ਢੰਗ ਨਾਲ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਸਬੰਧਿਤ ਅਧਿਕਾਰੀ ਨੂੰ ਇਹ ਹੁਕਮ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਕਾਰਵਾਈ ਦੀ ਰਿਪੋਰਟ ਸੌਂਪਣ ਲਈ ਵੀ ਕਿਹਾ ਗਿਆ ਹੈ। ਜਾਰੀ ਕੀਤੇ ਹੁਕਮ ਵਿੱਚ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਜਲੰਧਰ ਵਿੱਚ ਨੈਸ਼ਨਲ ਹਾਈਵੇ ਦੇ ਨਾਲ ਲੱਗਦੇ ਵੱਖ-ਵੱਖ ਪੈਟਰੋਲ ਪੰਪਾਂ ਤੇ ਵਾਸ਼ਰੂਮਾਂ ਅਤੇ ਟਾਇਲਟਸ ਦੀ ਹਾਲਤ ਤਸੱਲੀਬਖਸ਼ ਨਹੀਂ ਹੈ। ਖ਼ਰਾਬ ਰੱਖ-ਰਖਾਅ, ਸਫਾਈ ਦੀ ਘਾਟ ਅਤੇ ਬੁਨਿਆਦੀ ਸਹੂਲਤਾਂ ਦੀ ਅਣਹੋਂਦ ਵਰਗੇ ਮੁੱਦੇ ਸਾਹਮਣੇ ਆਏ ਹਨ। ਇਹ ਸਥਿਤੀ ਜਨਤਾ ਲਈ ਅਸੁਵਿਧਾ ਦਾ ਕਾਰਨ ਬਣ ਰਹੀ ਹੈ।

ਹੁਕਮ ਵਿੱਚ ਕਿਹਾ ਗਿਆ ਹੈ ਕਿ ਸੜਕੀ ਅਵਾਜਾਈ ਅਤੇ ਹਾਈਵੇ ਮੰਤਰਾਲੇ ਵੱਲੋਂ ਜਾਰੀ 24 ਜੁਲਾਈ 2013 ਦੇ ਪੱਤਰ ਰਾਹੀਂ ਰਾਸ਼ਟਰੀ ਰਾਜ ਮਾਰਗਾਂ ’ਤੇ ਸਥਿਤ ਪੈਟਰੋਲ ਪੰਪਾਂ, ਪ੍ਰਾਈਵੇਟ ਜਾਇਦਾਦਾਂ ਅਤੇ ਰੈਸਟ ਏਰੀਆ ਕੰਪਲੈਕਸਾਂ ਤੱਕ ਪਹੁੰਚ ਪ੍ਰਦਾਨ ਕਰਨ ਦੇ ਯੂਨੀਫਾਈਡ ਦਿਸ਼ਾ-ਨਿਰਦੇਸ਼ ਸਪਸ਼ਟ ਤੌਰ ’ਤੇ ਸਾਫ਼-ਸਫ਼ਾਈ ਅਤੇ ਪਹੁੰਚਯੋਗ ਸੁਵਿਧਾਵਾਂ ਦੀ ਵਿਵਸਥਾ ਨੂੰ ਲਾਜ਼ਮੀ ਬਣਾਉਂਦੇ ਹਨ। ਇਸ ਤੋਂ ਇਲਾਵਾ ਮੰਤਰਾਲੇ ਵੱਲੋਂ 26 ਦਸੰਬਰ 2018 ਦੇ ਪੱਤਰ ਰਾਹੀਂ ਪੀਣ ਵਾਲੇ ਪਾਣੀ ਅਤੇ ਟਾਇਲਟਸ ਦੀ ਸਹੂਲਤ ’ਤੇ ਜ਼ੋਰ ਦਿੱਤਾ ਗਿਆ ਹੈ। ਪੀਣ ਵਾਲੇ ਪਾਣੀ ਅਤੇ ਟਾਇਲਟਸ ਦੀ ਸੁਵਿਧਾ 24 ਘੰਟੇ ਲੋਕਾਂ ਲਈ ਪਹੁੰਚਯੋਗ ਹੋਣੀ ਚਾਹੀਦੀ ਹੈ ਅਤੇ ਇਨ੍ਹਾਂ ਬਾਰੇ ਪੈਟਰੋਲ ਪੰਪਾਂ ਦੇ ਪ੍ਰਵੇਸ਼ ਦੁਆਰ ਤੇ ਢੁੱਕਵੇਂ ਡਿਸਪਲੇ ਬੋਰਡਾਂ ਰਾਹੀਂ ਪ੍ਰਦਰਸ਼ਿਤ ਕੀਤਾ ਜਾਣਾ ਜ਼ਰੂਰੀ ਹੈ।

## ,,,*ਸਾਡਾ ਸਰਮਾਇਆ*,,,,,

ਕਿਉਂ ਵੱਢੋਂ ਤੁਸੀਂ ਇਹ ਰੁੱਖਾਂ ਨੂੰ,
ਇਹ ਵਿਚਾਰੇ ਕੀ ਕਹਿੰਦੇ।
ਫ਼ਲ, ਫੁੱਲ, ਛਾਂ ਤੇ ਰੱਖ ਬਣਦੇ,
ਪ੍ਰਦੂਸ਼ਣ ਵੀ ਨੇ ਸੋਖ ਲੈਂਦੇ।
ਮਿੱਟੀ ਵੀ ਖੁਰਨ ਨਾ ਦਿੰਦੇ,
ਧਰਤੀ ਤਾਂਈ ਬਚਾਉਂਦੇ ਨੇਂ।
ਜੋ ਬਣਦਾ ਹਿੱਸਾ ਅਪਣਾ ਇਹ,
ਜੀਵਨ ਦੇ ਵਿੱਚ ਪਾਉਂਦੇ ਨੇ।
ਕਾਦਰ ਵਿੱਚ ਕੁਦਰਤ ਵੱਸਦੀ ਏ
ਇਸ ਵਿੱਚ ਰੁੱਖ ਵੀ ਵੱਸਦੇ ਨੇ।
ਜਦ ਨਾਲ ਬਹਾਰਾਂ ਝੂਮਣ ਇਹ,
ਫਿਰ ਨਾਲ ਹਵਾਵਾਂ ਹੱਸਦੇ ਨੇ।
ਇਹ ਤਾਂ ਸਾਡਾ ਸਰਮਾਇਆ ਹੈ,
ਫਿਰ ਐਵੇਂ ਕਿਉਂ ਗਵਾਈ ਜਾਂਦੇ।
ਸੈਂਕੜੇ ਸਾਲ ਪੁਰਾਣੇ ਬ੍ਰਿਛਾਂ ਨੂੰ,
ਕਿਉਂ ਵੱਢ ਕੇ ਲੰਮੇ ਪਾਈ ਜਾਂਦੇ।
ਜ਼ਰਾ ਸੋਚੋ ਤੇ ਕੁਝ ਗੌਰ ਕਰੋ,
ਨਾ ਕੱਟੋ ਇਹਨਾਂ ਰੁੱਖਾਂ ਨੂੰ।
ਜੋ ਇਹ ਗੱਲੋਂ ਅਣਜਾਣ ,ਪੱਤੋ,
ਸਮਝਾਈਏ ਉਹਨਾਂ ਮਨੁੱਖਾਂ ਨੂੰ।

ਲੋਕ ਬਾਣੀ

ਹਰਪ੍ਰੀਤ ਪੱਤੋ ਪਿੰਡ ਪੱਤੋ ਹੀਰਾ ਸਿੰਘ ਮੋਗਾ ਫੋਨ ਨੰਬਰ
94658-21417

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565